ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 21 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੬ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਨੇ ਉਠਾਏ ਸਰਕਾਰਾਂ ’ਤੇ ਸਵਾਲ

## ਸੌਦਾ ਸਾਧ ਨੂੰ ਹਰ ਚੌਥੇ ਦਿਨ ਪੈਰੋਲ ਤੇ ਰਾਜੋਆਣਾ ਨੂੰ ਭਰਾ ਦੇ ਭੋਗ ਲਈ ਵੀ ਸਿਰਫ 3 ਘੰਟੇ ਦੀ ਛੁੱਟੀ

**ਲੁਧਿਆਣਾ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਸਿਰਫ ਤਿੰਨ ਘੰਟਿਆਂ ਲਈ ਪੈਰੋਲ ਦੇਣ ਉਪਰ ਸਵਾਲ ਉਠਾਇਆ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਸਿਰਫ਼ 3 ਘੰਟੇ ਦੀ ਪੈਰੋਲ ਮਿਲੀ ਹੈ ਪਰ ਦੂਜੇ ਪਾਸੇ ਬਲਾਤਕਾਰੀ ਸੌਦਾ ਸਾਧ ਨੂੰ ਹਰ ਰੋਜ਼ ਪੈਰੋਲ ਮਿਲ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਕਤਲ ਤੇ ਬਲਾਤਕਾਰ ਦੇ ਦੋਸ਼ੀ ਨੂੰ ਵਾਰ-ਵਾਰ ਪੈਰੋਲ ਮਿਲ ਰਹੀ ਹੈ ਪਰ ਆਪਣੀ ਕੌਮ ਲਈ ਲੜੇ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਸਿਰਫ ਤਿੰਨ ਘੰਟਿਆਂ ਲਈ ਪੈਰੋਲ ਦਿੱਤੀ ਗਈ ਹੈ। ਦੱਸ ਦਈਏ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ ਵਿੱਚ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰੇ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਅੱਜ ਬੁੱਧਵਾਰ (20 ਨਵੰਬਰ) ਨੂੰ 3 ਘੰਟੇ ਲਈ ਜੇਲ੍ਹ ਤੋਂ ਬਾਹਰ ਆਏ। ਉਹ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਲੁਧਿਆਣਾ ਦੇ ਪਿੰਡ ਰਾਜੋਆਣਾ ਕਲਾਂ ਦੇ ਮੰਜੀ ਸਾਹਿਬ ਗੁਰਦੁਆਰਾ ਸਾਹਿਬ ਵਿੱਚ ਆਪਣੇ ਭਰਾ ਕੁਲਵੰਤ ਸਿੰਘ ਦੇ ਭੋਗ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਇਸ ਮਗਰੋਂ ਉਨ੍ਹਾਂ ਨੂੰ ਸਖ਼ਤ ਸੁਰੱਖਿਆ ਹੇਠ ਵਾਪਸ ਪਟਿਆਲਾ ਲਿਜਾਇਆ ਗਿਆ। ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਜੇਕਰ ਭਾਈ ਬਲਵੰਤ ਸਿੰਘ ਨੇ ਕੌਮ ਦੀ ਸੇਵਾ ਨਾ ਕੀਤੀ ਹੁੰਦੀ ਤਾਂ ਸ਼ਾਇਦ ਅੱਜ ਇੰਨੀਆਂ ਮਸ਼ਹੂਰ ਹਸਤੀਆਂ ਇੱਥੇ ਨਾ ਪਹੁੰਚਦੀਆਂ। ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਕਿਸੇ ਕਿਸਮ ਦੀ ਫਾਂਸੀ ਜਾਂ ਸਜ਼ਾ ਦਾ ਕੋਈ ਡਰ ਨਹੀਂ। ਉਨ੍ਹਾਂ ਨੇ ਕਿਹਾ ਕਿ 1984 ਵਿੱਚ ਉਸ ਵੇਲੇ ਦੀ ਕਾਂਗਰਸ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਟੈਂਕਾਂ ਨਾਲ ਹਮਲਾ ਕੀਤਾ। ਇਸ਼ਨਾਨ ਕਰਨ ਆਈ ਸੰਗਤ ’ਤੇ ਗੋਲੀਬਾਰੀ ਕੀਤੀ ਗਈ। ਕੋਈ ਵੀ ਸੜਕ ਜਾਂ ਨਹਿਰ ਅਜਿਹੀ ਨਹੀਂ ਹੋਵੇਗੀ ਜਿੱਥੇ ਨੌਜਵਾਨਾਂ ਨੂੰ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਨਾ ਮਾਰਿਆ ਗਿਆ ਹੋਵੇ। ਫਿਰ ਵੀ ਅਸੀਂ ਕਈ ਵਾਰ ਕਾਂਗਰਸ ਦੀਆਂ ਸਰਕਾਰਾਂ ਬਣਾਈਆਂ। ਸਿੰਘ ਸਾਹਿਬ ਨੇ ਕਿਹਾ ਕਿ ਸਾਨੂੰ ਕੌਮੀ ਏਕਤਾ ਦੀ ਲੋੜ ਹੈ ਤੇ ਆਪਣੇ ਦੁਸ਼ਮਣਾਂ ਨੂੰ ਪਛਾਣਨ ਦੀ ਲੋੜ ਹੈ। ਉਨ੍ਹਾਂ ਨੇ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ 30 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹੈ। ਉਨ੍ਹਾਂ ਦੀ ਅਪੀਲ 12 ਸਾਲਾਂ ਤੋਂ ਪੈਂਡਿੰਗ ਹੈ। ਉਨ੍ਹਾਂ ਨੂੰ ਫਾਂਸੀ ਦੀ ਚੱਕੀ ਵਿੱਚ ਰੱਖਿਆ ਗਿਆ ਹੈ। ਭਾਰਤ ਸਰਕਾਰ ਵੱਲੋਂ ਸਿੱਖਾਂ ਨਾਲ ਬੇਇਨਸਾਫੀ ਕੀਤੀ ਜਾ ਰਹੀ ਹੈ। ਇਹ ਪਰਿਵਾਰ ਕੌਮੀ ਪਰਿਵਾਰ ਹੈ। ਪੂਰੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹਾਂ। ਇਸ ਦੌਰਾਨ ਭਾਈ ਬਲਵੰਤ ਸਿੰਘ ਰਾਜੋਆਣਾ ਨੇ ਕਿਹਾ, “ਮੈਨੂੰ ਉਹ ਸੀਨ ਅਜੇ ਵੀ ਯਾਦ ਹੈ। ਭਾਈ ਦਿਲਾਵਰ ਸਿੰਘ ਤੇ ਮੈਂ ਆਪਣੇ ਮਾਤਾ-ਪਿਤਾ ਤੋਂ ਆਸ਼ੀਰਵਾਦ ਲੈ ਕੇ ਇੱਕ ਮਿਸ਼ਨ ’ਤੇ ਘਰ ਛੱਡਿਆ। ਉਸ ਸਮੇਂ ਸਾਡੇ ਕਦਮ ਇਸ ਤਰ੍ਹਾਂ ਚੱਲ ਰਹੇ ਸਨ ਜਿਵੇਂ ਅਸੀਂ ਤੇਜ਼ੀ ਨਾਲ ਆਪਣੀ ਮੰਜ਼ਲ ’ਤੇ ਪਹੁੰਚ ਰਹੇ ਹੋਈਏ। ਪ੍ਰਮਾਤਮਾ ਦੀ ਕਿਰਪਾ ਨਾਲ ਸਾਡੇ ਮਿਸ਼ਨ ਵਿੱਚ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਈ। ਭਾਈ ਦਿਲਾਵਰ ਸਿੰਘ ਨੇ ਸ਼ਹੀਦੀ ਪ੍ਰਾਪਤ ਕੀਤੀ। ਸਿੱਖ ਕੌਮ ਨੇ ਉਸ ਨੂੰ ਕੌਮੀ ਸ਼ਹੀਦ ਦਾ ਦਰਜਾ ਦਿੱਤਾ।”






## ਅਕਾਲੀ ਦਲ ’ਚ ਅਸਤੀਫ਼ਿਆਂ ਦਾ ਹੜ੍ਹ, ਹੁਣ ਅਨਿਲ ਜੋਸ਼ੀ ਨੇ ਛੱਡੀ ਪਾਰਟੀ

**ਅੰਮ੍ਰਿਤਸਰ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਖਿੰਡਦਾ ਜਾ ਰਿਹਾ ਹੈ। ਸੁਖਬੀਰ ਬਾਦਲ ਦੇ ਅਸਤੀਫੇ ਮਗਰੋਂ ਇੱਕ-ਇੱਕ ਕਰਕੇ ਲੀਡਰ ਪਾਰਟੀ ਛੱਡਦੇ ਜਾ ਰਹੇ ਹਨ। ਅੱਜ ਅਨਿਲ ਜੋਸ਼ੀ ਨੇ ਵੀ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਹੈ। ਉਨ੍ਹਾਂ ਨੇ ਆਪਣਾ ਅਸਤੀਫਾ ਬਲਵਿੰਦਰ ਸਿੰਘ ਭੂੰਦੜ ਨੂੰ ਭੇਜਿਆ ਹੈ। ਜੋਸ਼ੀ ਨੇ ਕਿਹਾ ਹੈ ਕਿ ਪਾਰਟੀ ਪੰਥਕ ਤੇ ਧਾਰਮਿਕ ਏਜੰਡੇ ਵਿੱਚ ਹੀ ਉਲਝ ਕੇ ਰਹਿ ਗਈ ਹੈ। ਦੱਸ ਦਈਏ ਕਿ ਇਸ ਤੋਂ ਪਹਿਲਾਂ ਐਨਕੇ ਸ਼ਰਮਾ ਤੇ ਤਰਨ ਤਾਰਨ ਤੋਂ ਸਾਬਕਾ ਵਿਧਾਇਕ ਹਰਮੀਤ ਸਿੰਘ ਸੰਧੂ ਨੇ ਵੀ ਆਪਣੇ ਸਮੂਹ ਅਹੁਦਿਆਂ ਤੋਂ ਅਸਤੀਫ਼ਾ ਦੇ ਦਿੱਤਾ ਸੀ। ਉਨ੍ਹਾਂ ਨੇ ਵੀ ਆਪਣਾ ਅਸਤੀਫ਼ਾ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਸੌਂਪਿਆ ਸੀ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਹਲਕਾ ਡੇਰਾਬੱਸੀ ਦੇ ਸਾਬਕਾ ਵਿਧਾਇਕ ਐਨਕੇ ਸ਼ਰਮਾ ਨੇ ਪਾਰਟੀ ਦੇ ਸਾਰੇ ਅਹੁਦਿਆਂ ਤੇ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦਿੰਦਿਆਂ ਕਿਹਾ ਸੀ ਕਿ ਅਕਾਲੀ ਦਲ ਨੂੰ ਢਾਹ ਲਾਉਣ ਲਈ ਸੁਖਬੀਰ ਬਾਦਲ ਖ਼ਿਲਾਫ਼ ਗਿਣੀ ਮਿਥੀ ਸਾਜ਼ਿਸ਼ ਕੀਤੀ ਜਾ ਰਹੀ ਹੈ।



## ਗੁਰੂ ਸਾਹਿਬ ਦੀ ਨਕਲ ਵਾਲੀ ਵੀਡੀਓ ’ਤੇ ਸ਼੍ਰੋਮਣੀ ਕਮੇਟੀ ਸਖਤ, ਪੜਤਾਲ ਕੀਤੀ ਸ਼ੁਰੂ

**ਚੰਡੀਗੜ੍ਹ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਨਕਲ ਕਰਕੇ ਸਿੱਖ ਭਾਵਨਾਵਾਂ ਨੂੰ ਠੇਸ ਮਾਰਨ ਵਾਲੀ ਵਾਇਰਲ ਹੋ ਰਹੀ ਵੀਡੀਓ ਦਾ ਨੋਟਿਸ ਲੈਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਦੀ ਪੜਤਾਲ ਦੇ ਆਦੇਸ਼ ਜਾਰੀ ਕੀਤੇ ਹਨ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਬਿਆਨ ’ਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮੁੱਢਲੇ ਤੌਰ ’ਤੇ ਮਿਲੀ ਜਾਣਕਾਰੀ ਅਨੁਸਾਰ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀ ਵੀਡੀਓ ਮੱਧ ਪ੍ਰਦੇਸ਼ ਦੇ ਸ਼ਹਡੋਲ ਵਿਚ ਸਿੰਧੀ ਭਾਈਚਾਰੇ ਵੱਲੋਂ ਕੀਤੇ ਗਏ ਇਕ ਸਮਾਗਮ ਦੀ ਦੱਸੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਅੰਦਰ ਗੁਰੂ ਸਾਹਿਬਾਨ ਦੀ ਨਕਲ ਕਰਨ ਦੀ ਸਖ਼ਤ ਮਨਾਹੀ ਹੈ ਅਤੇ ਇਸ ਵੀਡੀਓ ਨਾਲ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਵੱਜੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੰਧੀ ਭਾਈਚਾਰਾ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਤੀ ਵੱਡੀ ਸ਼ਰਧਾ ਰੱਖਦਾ ਹੈ ਅਤੇ ਉਨ੍ਹਾਂ ਨਾਲ ਸਬੰਧਤ ਦਿਹਾੜਿਆਂ ਨੂੰ ਵੀ ਮਨਾਉਂਦਾ ਹੈ, ਪਰੰਤੂ ਸਿੱਖ ਧਰਮ ਦੀਆਂ ਪ੍ਰੰਪਰਾਵਾਂ ਅਤੇ ਮਰਯਾਦਾ ਦਾ ਖ਼ਿਆਲ ਰੱਖਣਾ ਸਾਰਿਆਂ ਲਈ ਬੇਹੱਦ ਜ਼ਰੂਰੀ ਹੈ। ਕਿਸੇ ਨੂੰ ਵੀ ਗੁਰੂ ਸਾਹਿਬਾਨ ਦੀ ਨਕਲ ਕਰਨ ਅਤੇ ਮਰਯਾਦਾ ਵਿਰੁੱਧ ਹਰਕਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਧਰਮ ਪ੍ਰਚਾਰ ਕਮੇਟੀ ਦੇ ਮੱਧ ਪ੍ਰਦੇਸ਼ ਵਿਖੇ ਚੱਲ ਰਹੇ ਸਿੱਖ ਮਿਸ਼ਨ ਉਜੈਨ ਦੇ ਪ੍ਰਚਾਰਕਾਂ ਨੂੰ ਪੜਤਾਲ ਕਰਕੇ ਮੁਕੰਮਲ ਰਿਪੋਰਟ ਦੇਣ ਲਈ ਕਿਹਾ ਗਿਆ ਹੈ, ਜਿਸ ਦੀ ਰਿਪੋਰਟ ਪ੍ਰਾਪਤ ਹੋਣ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜੀ ਜਾਵੇਗੀ।



**ਤਾਲਿਬਾਨ ਨੇ ਗੈਰ-ਇਸਲਾਮਿਕ ਕਿਤਾਬਾਂ ’ਤੇ ਲਾਇਆ ਬੈਨ, ਜੋ ਸਰਕਾਰ ਚਾਹੇਗੀ, ਉਹ ਹੀ ਪੜ੍ਹਨਗੇ ਲੋਕ** : ਤਾਲਿਬਾਨ ਨੇ 2021 ਵਿੱਚ ਸੱਤਾ ਵਿੱਚ ਆਉਣ ਤੋਂ ਬਾਅਦ ਅਫਗਾਨਿਸਤਾਨ ਵਿੱਚ ਗੈਰ-ਇਸਲਾਮਿਕ ਅਤੇ ਸਰਕਾਰ ਵਿਰੋਧੀ ਸਾਹਿਤ ਨੂੰ ਹਟਾਉਣ ਦੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਸਨ। ਸੂਚਨਾ ਅਤੇ ਸੱਭਿਆਚਾਰ ਮੰਤਰਾਲੇ ਦੇ ਅਧੀਨ ਬਣੇ ਕਮਿਸ਼ਨ ਦਾ ਮੁੱਖ ਉਦੇਸ਼ ਇਸਲਾਮੀ ਕਾਨੂੰਨ, ਸ਼ਰੀਆ ਦੇ ਅਨੁਸਾਰ ਸਾਹਿਤ ਨੂੰ ਉਤਸ਼ਾਹਿਤ ਕਰਨਾ ਅਤੇ ਅਫਗਾਨ ਕਦਰਾਂ-ਕੀਮਤਾਂ ਦੇ ਉਲਟ ਸਮੱਗਰੀ ਨੂੰ ਸੀਮਤ ਕਰਨਾ ਹੈ। ਤਾਲਿਬਾਨ ਨੇ 2021 ਤੋਂ ਅਕਤੂਬਰ 2023 ਤੱਕ 400 ਤੋਂ ਵੱਧ ਕਿਤਾਬਾਂ ਨੂੰ “ਇਸਲਾਮਿਕ ਅਤੇ ਅਫਗਾਨ ਕਦਰਾਂ ਕੀਮਤਾਂ” ਦੇ ਵਿਰੁੱਧ ਹੋਣ ਕਾਰਨ ਜ਼ਬਤ ਕੀਤੀਆਂ। ਜ਼ਬਤ ਕੀਤੀਆਂ ਕਿਤਾਬਾਂ ਦੀ ਥਾਂ ਕੁਰਾਨ ਅਤੇ ਇਸਲਾਮੀ ਗ੍ਰੰਥਾਂ ਦੀ ਵੰਡ ਸ਼ੁਰੂ ਕਰ ਦਿੱਤੀ ਗਈ। ਇਸ ਤੋਂ ਇਲਾਵਾ ਦੂਜੇ ਦੇਸ਼ਾਂ ਤੋਂ ਆਉਣ ਵਾਲੀਆਂ ਕਿਤਾਬਾਂ ਦੀ 3 ਮਹੀਨੇ ਤੱਕ ਜਾਂਚ ਕੀਤੀ ਜਾਂਦੀ ਹੈ, ਜਿਸ ਵਿਚ ਕਈ ਕਿਤਾਬਾਂ ਜੋ ਇਸਲਾਮਿਕ ਜਾਪਦੀਆਂ ਹਨ, ਨੂੰ ਹਟਾ ਦਿੱਤਾ ਜਾਂਦਾ ਹੈ।

## ਕੰਗਨਾ ਰਣੌਤ ਖਿਲਾਫ ਮੁੜ ਉੱਠ ਖਲੋਤੀਆਂ ਸਿੱਖ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਨੇ ਦਿੱਤੀ ਚੇਤਾਵਨੀ

**ਅੰਮ੍ਰਿਤਸਰ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਦਾਕਾਰਾ ਤੇ ਸੰਸਦ ਮੈਂਬਰ ਕੰਗਨਾ ਰਣੌਤ ਦੀਆਂ ਮੁਸ਼ਕਲਾਂ ਵਧਦੀਆਂ ਜਾ ਰਹੀਆਂ ਹਨ। ਕੰਗਨਾ ਦੀ ਅਗਲੇ ਸਾਲ 17 ਜਨਵਰੀ ਨੂੰ ਰਿਲੀਜ਼ ਹੋ ਰਹੀ ਫਿਲਮ ‘ਐਮਰਜੈਂਸੀ’ ਦਾ ਸਿੱਖ ਜਥੇਬੰਦੀਆਂ ਨੇ ਮੁੜ ਵਿਰੋਧ ਸ਼ੁਰੂ ਕਰ ਦਿੱਤਾ ਹੈ। ਬੇਸ਼ੱਕ ਸੈਂਸਰ ਬੋਰਡ ਨੇ ਕੁਝ ਸੀਨ ਕੱਟ ਕੇ ਫਿਲਮ ਨੂੰ ਹਰੀ ਝੰਡੀ ਦੇ ਦਿੱਤੀ ਹੈ ਪਰ ਸਿੱਖ ਸਮਾਜ ਅਜੇ ਵੀ ਫਿਲਮ ਦਾ ਖਿਲਾਫ ਡਟਿਆ ਹੋਇਆ ਹੈ। ਦੱਸ ਦਈਏ ਕਿ ਜਦੋਂ 14 ਅਗਸਤ ਨੂੰ ਇਸ ਫਿਲਮ ਦਾ ਟੀਜ਼ਰ ਜਾਰੀ ਹੋਇਆ ਸੀ ਤਾਂ ਉਸ ਵੇਲੇ ਨਾ ਸਿਰਫ਼ ਅਕਾਲ ਤਖ਼ਤ ਸਾਹਿਬ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਗੋਂ ਵੱਖ-ਵੱਖ ਸਿੱਖ ਜਥੇਬੰਦੀਆਂ ਇਹ ਇਤਰਾਜ਼ ਕੀਤਾ ਸੀ ਕਿ ਇਸ ਫਿਲਮ ’ਚ ਸਿੱਖਾਂ ਦੇ ਅਕਸ ਨੂੰ ਮਾੜਾ ਦਰਸਾਇਆ ਗਿਆ ਹੈ। ਇਸ ਤੋਂ ਬਾਅਦ 6 ਸਤੰਬਰ ਨੂੰ ਫਿਲਮ ਦੀ ਰਿਲੀਜ਼ਿੰਗ ਨੂੰ ਟਾਲ ਦਿੱਤਾ ਸੀ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਹਰਭਜਨ ਸਿੰਘ ਵਕਤਾ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਨੇ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਅਤੇ ਸੈਂਟਰਲ ਬੋਰਡ ਆਫ ਫਿਲਮ ਸਰਟੀਫਿਕੇਸ਼ਨ ਦੇ ਚੇਅਰਪਰਸਨ ਨੂੰ ਇਸ ਫਿਲਮ ’ਤੇ ਪਾਬੰਦੀ ਲਗਾਉਣ ਲਈ ਵੱਖ-ਵੱਖ ਪੱਤਰ ਲਿਖੇ ਸਨ। ਉਨ੍ਹਾਂ ਕਿਹਾ ਕਿ ਮਤੇ ਦੀਆਂ ਕਾਪੀਆਂ ਪੰਜਾਬ ਸਰਕਾਰ ਨੂੰ ਵੀ ਭੇਜ ਦਿੱਤੀਆਂ ਸਨ ਪਰ ਇਸ ’ਤੇ ਕੋਈ ਅਮਲ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਫਿਲਮ ਦੀ ਰਿਲੀਜ਼ ਦਾ ਸਖਤ ਵਿਰੋਧ ਕਰਦੀ ਹੈ। ਦਰਅਸਲ ਟੀਜ਼ਰ ਦੇ ਇੱਕ ਸੀਨ ਵਿੱਚ ਜਰਨੈਲ ਸਿੰਘ ਭਿੰਡਰਾਂਵਾਲੇ ਦੀ ਭੂਮਿਕਾ ਨਿਭਾਉਣ ਵਾਲੇ ਅਭਿਨੇਤਾ ਨੂੰ ਕਥਿਤ ਤੌਰ ’ਤੇ ਇੰਦਰਾ ਗਾਂਧੀ ਨਾਲ ਵਫ਼ਾਦਾਰੀ ਦਿਖਾਉਂਦੇ ਹੋਏ ਦਿਖਾਇਆ ਗਿਆ ਹੈ ਜੋ ਕਿ ਵੱਖਰੇ ਸਿੱਖ ਰਾਜ ਦੇ ਬਦਲੇ ਕਾਂਗਰਸ ਪਾਰਟੀ ਲਈ ਵੋਟਾਂ ਦਾ ਵਾਅਦਾ ਕਰਦਾ ਹੈ। ਦੂਜੇ ਪਾਸੇ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ‘ਸਿੱਖ ਵਿਰੋਧੀ ਫ਼ਿਲਮ’ ਕਰਾਰ ਦਿੰਦਿਆਂ ਇਸ ਦੀ ਰਿਲੀਜ਼ ’ਤੇ ਰੋਕ ਲਾਉਣ ਦੀ ਮੰਗ ਕੀਤੀ ਸੀ।




## ਪੰਜਾਬ ਵਿਧਾਨ ਸਭਾ ਦੀਆਂ 4 ਸੀਟਾਂ ਦੀ ਜ਼ਿਮਨੀ ਚੋਣ ਲਈ 63 ਫ਼ੀਸਦੀ ਵੋਟਿੰਗ : ਸਿਬਿਨ ਸੀ

## ਗਿੱਦੜਬਾਹਾ ਵਿੱਚ ਸਭ ਤੋਂ ਵੱਧ 81 ਫੀਸਦੀ ਵੋਟਿੰਗ ਦਰਜ ਕੀਤੀ ਗਈ



**ਚੰਡੀਗੜ੍ਹ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਦੀਆਂ 4 ਸੀਟਾਂ ਦੀ ਜ਼ਿਮਨੀ ਚੋਣ ਲਈ ਪਈਆਂ ਵੋਟਾਂ ਵਿੱਚ ਸ਼ਾਮ 6 ਵਜੇ ਤੱਕ 63 ਫੀਸਦੀ ਵੋਟਿੰਗ ਦਰਜ ਕੀਤੀ ਗਈ ਹੈ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਸ਼ਾਮ 6 ਵਜੇ ਤੱਕ ਪ੍ਰਾਪਤ ਹੋਏ ਅੰਕੜਿਆਂ ਅਨੁਸਾਰ 84-ਗਿੱਦੜਬਾਹਾ ਵਿੱਚ ਸਭ ਤੋਂ ਵੱਧ 81 ਫੀਸਦੀ ਵੋਟਿੰਗ ਦਰਜ ਕੀਤੀ ਗਈ ਹੈ। ਸਿਬਿਨ ਸੀ ਨੇ ਦੱਸਿਆ ਕਿ 10-ਡੇਰਾ ਬਾਬਾ ਨਾਨਕ ਵਿੱਚ ਸ਼ਾਮ 6 ਵਜੇ ਤੱਕ 63 ਫ਼ੀਸਦੀ, 103-ਬਰਨਾਲਾ ਵਿੱਚ 54 ਫ਼ੀਸਦੀ ਅਤੇ 44-ਚੱਬੇਵਾਲ ਵਿੱਚ 53 ਫ਼ੀਸਦੀ ਵੋਟਿੰਗ ਦਰਜ ਕੀਤੀ ਗਈ ਹੈ। ਉਨ੍ਹਾਂ ਵੋਟ ਦੇ ਜਮਹੂਰੀ ਹੱਕ ਦੀ ਵਰਤੋਂ ਲਈ ਚੋਣਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਵੋਟਰਾਂ ਦਾ ਧੰਨਵਾਦ ਕੀਤਾ ਹੈ। ਮੁੱਖ ਚੋਣ ਅਧਿਕਾਰੀ ਨੇ ਡਿਪਟੀ ਕਮਿਸ਼ਨਰਾਂ ਕਮ ਜ਼ਿਲ੍ਹਾ ਚੋਣ ਅਧਿਕਾਰੀਆਂ ਅਤੇ ਰਿਟਰਨਿੰਗ ਅਫ਼ਸਰਾਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਚੋਣ ਪ੍ਰਕਿਰਿਆ ਦੇ ਸੁਚਾਰੂ ਪ੍ਰਬੰਧਨ ਅਤੇ ਮੁਕੰਮਲ ਨਿਗਰਾਨੀ ਨੂੰ ਯਕੀਨੀ ਬਣਾਇਆ। ਸਿਬਿਨ ਸੀ ਨੇ ਪੋਲਿੰਗ ਸਟੇਸ਼ਨਾਂ ‘ਤੇ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਅਤੇ ਚੋਣ ਪ੍ਰਬੰਧਾਂ ਨੂੰ ਨੇਪਰੇ ਚਾੜ੍ਹਨ ਲਈ ਪੰਜਾਬ ਪੁਲਿਸ ਦੇ ਅਧਿਕਾਰੀਆਂ/ਕਰਮਚਾਰੀਆਂ, ਕੇਂਦਰੀ ਹਥਿਆਰਬੰਦ ਪੁਲਿਸ ਬਲਾਂ, ਪੋਲਿੰਗ ਅਫ਼ਸਰਾਂ, ਵਲੰਟੀਅਰਾਂ ਅਤੇ ਚੋਣ ਪ੍ਰਕਿਰਿਆ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਸਮੇਤ ਸਮੁੱਚੇ ਚੋਣ ਅਮਲੇ ਦੀ ਮਿਹਨਤ ਅਤੇ ਸਮਰਪਣ ਦੀ ਵੀ ਪ੍ਰਸ਼ੰਸਾ ਕੀਤੀ ਹੈ। ਉਨ੍ਹਾਂ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਵੱਲੋਂ ਚੋਣ ਪ੍ਰਕਿਰਿਆ ਵਿੱਚ ਦਿੱਤੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਮੀਡੀਆ ਵੱਲੋਂ ਸਾਰਥਕ ਭੂਮਿਕਾ ਨਿਭਾਉਣ ਲਈ ਸਾਰੇ ਮੀਡੀਆ ਕਰਮੀਆਂ ਦਾ ਵੀ ਸ਼ੁਕਰੀਆ ਕੀਤਾ ਹੈ।




ਭਾਈ ਬਲਵੰਤ ਸਿੰਘ ਰਾਜੋਆਣਾ ਜੀ ਦੇ ਭਰਾ ਭਾਈ ਕੁਲਵੰਤ ਸਿੰਘ ਰਾਜੋਆਣਾ ਪਿਛਲੇ ਦਿਨੀਂ ਗੁਰੂ ਸਾਹਿਬ ਵੱਲੋਂ ਬਖ਼ਸ਼ੀ ਸੁਆਸਾਂ ਦੀ ਪੂੰਜੀ ਭੋਗਦਿਆਂ ਚੜ੍ਹਾਈ ਕਰ ਗਏ ਸਨ ਅੱਜ ਉਨ੍ਹਾਂ ਦੇ ਨਮਿਤ ਅੰਤਿਮ ਅਰਦਾਸ ਸੀ ਅਕਾਲ ਪੁਰਖ ਅੱਗੇ ਅਰਦਾਸ ਹੈ ਕਿ ਉਹ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਿਸ਼ ਕਰਨ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ। ਇਸ ਦੁੱਖ ਦੀ ਘੜੀ ਵਿੱਚ ਪੰਥ ਪਰਿਵਾਰ ਦੇ ਨਾਲ ਖੜਾ ਹੈ। ਅੱਜ ਕੱਲ੍ਹ ਪੰਥਕ ਸਫ਼ਾਂ 'ਵਿੱਚ ਬੜੀ ਫੁੱਟ ਪਈ ਹੈ ਅਤੇ ਇੱਕ ਦੂਜੇ ਨਾਲ ਸਾੜਾ,ਈਰਖਾ,ਦ੍ਵੈਸ਼ 'ਤੇ ਦੂਜੇ ਤੇ ਚਿੱਕੜ ਸੁੱਟਣਾ ਆਮ ਗੱਲ ਹੋ ਚੁੱਕੀ ਹੈ ਪਰ ਜਦ ਵੈਰੀ ਵੱਡਾ ਹੋਵੇ ਫਿਰ ਆਪਸੀ ਮਤਭੇਦ ਮਿਟਾ ਕੇ ਇਕ ਮੁਠ ਹੋ ਜਾਣਾ ਚਾਹੀਦਾ ਹੈ ਸਾਡਾ ਇਤਿਹਾਸ ਵੀ ਸਾਨੂੰ ਆਪਸੀ ਏਕਤਾ ਦਾ ਸੁਨੇਹਾ ਦੇ ਕੇ ਵੱਡੇ ''ਵੈਰੀ'' ਵਿਰੁਧ ਲੜਨ ਦੀ ਪ੍ਰੇਰਣਾ ਦਿੰਦਾ ਹੈ।

**-ਪੰਥ ਦਾ ਸੇਵਕ, ਭਾਈ ਜਗਤਾਰ ਸਿੰਘ ਤਾਰਾ**


**(ਨਜ਼ਰਬੰਦ ਬੁੜ੍ਹੈਲ ਜੇਲ੍ਹ, ਚੰਡੀਗੜ੍ਹ ,ਪੰਜਾਬ)**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST
LUNCH
DINNER

**OUR SPECIALIZATION :** Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
**98610-00057, 99152-32757**



We Accept Online & Card Payment

# ਪੰਜਾਬੀ

## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ

ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ

ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**


ਧੰਨ ਧੰਨ ਸ਼੍ਰੀ ਗੁਰੂ ਤੇਗ ਬਹਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ
ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ
ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਧਮਤਾਨ ਸਾਹਿਬ ਵਿਖੇ
ਮਿਤੀ 4 ਦਸੰਬਰ 2024 ਤੋਂ 6 ਦਸੰਬਰ 2024 ਤੱਕ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਵਿਦਵਾਨ ਉਚੇਚੇ ਤੌਰ ਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ । ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।
4 ਦਸੰਬਰ 2024 ਦਿਨ ਬੁੱਧਵਾਰ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 10-00 ਵਜੇ
5 ਦਸੰਬਰ 2024 ਦਿਨ ਵੀਰਵਾਰ ਨਗਰ ਕੀਰਤਨ ਅਰੰਭ ਸਵੇਰੇ 8-00 ਵਜੇ
6 ਦਸੰਬਰ 2024 ਦਿਨ ਸ਼ੁੱਕਰਵਾਰ ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9-00 ਵਜੇ
ਵਿਸ਼ੇਸ਼ ਬੇਨਤੀ ਜਿਹਨਾਂ ਸੰਗਤਾਂ ਨੂੰ ਸਤਿਗੁਰ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ ਆਦਿ ਦੀ ਦਾਤ ਬਖ਼ਸ਼ੀ ਹੈ, ਉਹ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨ ਲੈ ਕੇ ਸਮੂਲੀਅਤ ਕਰਨ ਜੀ ।
ਨੋਟ : ਮੋਟਰਸਾਈਕਲ ਲੈ ਕੇ ਆਉਣ ਵਾਲੇ ਨੌਜਵਾਨ ਕਿਸੇ ਤਰ੍ਹਾਂ ਦੀ ਕਰਤਬ ਬਾਜੀ ਨਾ ਕਰਨ ।
ਪ੍ਰੋਗਰਾਮ ਨਗਰ ਕੀਰਤਨ : ਮਿਤੀ 5 ਦਸੰਬਰ 2024, ਵੀਰਵਾਰ ਨੂੰ ਸਵੇਰੇ 8-00 ਵਜੇ ਗੁਰਦੁਆਰਾ ਧਮਤਾਨ ਸਾਹਿਬ ਤੋਂ ਅਰੰਭ ਹੋ ਕੇ ਲੋਨ, ਖਰਲ, ਪਿਪਲਥਾ, ਗੜ੍ਹੀ, ਦਾਤਾ ਸਿੰਘ ਵਾਲਾ, ਹੰਸਡੇਹਰ, ਢੰਢੋਲੀ, ਸ਼ੇਰਗੜ੍ਹ, ਖਨੌਰੀ, ਪਦਾਰਥ ਖੇੜਾ, ਰੇਵਰ, ਪਿਪਲਥਾ, ਢਾਬੀ ਟੇਕ ਸਿੰਘ ਅਤੇ ਰਸੀਦਾਂ ਹੁੰਦਾ ਹੋਇਆ ਗੁਰਦੁਆਰਾ ਧਮਤਾਨ ਸਾਹਿਬ ਵਿਖੇ ਪਹੁੰਚੇਗਾ । ਸਮਾਪਤੀ, ਗੁਰਦੁਆਰਾ ਧਮਤਾਨ ਸਾਹਿਬ ਵਿਖੇ ਸ਼ਾਮ 5-00 ਵਜੇ ਹੋਵੇਗੀ ।
ਪ੍ਰੋਗਰਾਮ : 6 ਦਸੰਬਰ 2024 ਦਿਨ ਸ਼ੁੱਕਰਵਾਰ
ਸਵੇਰੇ 9-00 ਤੋਂ 10-00 ਵਜੇ ਤੱਕ
ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਜੱਥਾ
ਗੁ: ਧਮਤਾਨ ਸਾਹਿਬ
10-00 ਤੋਂ 10-30 ਵਜੇ ਤੱਕ
ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ
ਗੁ: ਧਮਤਾਨ ਸਾਹਿਬ
10-30 ਤੋਂ 11-00 ਵਜੇ ਤੱਕ
ਭਾਈ ਚਰਨਜੀਤ ਸਿੰਘ ਕਥਾਵਾਚਕ
ਗੁ: ਧਮਤਾਨ ਸਾਹਿਬ
11-00 ਤੋਂ 12-30 ਵਜੇ ਤੱਕ
ਭਾਈ ਗੁਰਮੀਤ ਸਿੰਘ ਕਵੀਸ਼ਰ
ਧਰਮ ਪ੍ਰਚਾਰ ਕਮੇਟੀ।
ਅੰਮ੍ਰਿਤ ਸੰਚਾਰ :
6 ਦਸੰਬਰ 2024,
ਦਿਨ ਸ਼ੁਕਰਵਾਰ ਸਮਾਂ 12 ਵਜੇ
ਅੰਮ੍ਰਿਤ ਸੰਚਾਰ ਸੰਬੰਧੀ
1. ਅੰਮ੍ਰਿਤ ਸੰਚਾਰ ਗੁਰਦੁਆਰਾ ਧਮਤਾਨ ਸਾਹਿਬ ਵਿਖੇ 12-00 ਵਜੇ ਹੋਵੇਗਾ ।
2. ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰ ਕੇ ਆਉਣ ਜੀ ।
3. ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ।
ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਹਰਿਆਣਾ
ਸੰਪਰਕ : ਭਾਈ ਹਰਵਿੰਦਰ ਸਿੰਘ ਦਨੌਲੀ (ਮੈਨੇਜਰ) 9991037375 ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ 9896166509 ਭਾਈ ਚਰਨਜੀਤ ਸਿੰਘ ਕਥਾਵਾਚਕ 9802947712 ਭਾਈ ਕਰਮਜੀਤ ਸਿੰਘ 7015967169 ਸ੍ਰ: ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਸਾਹਿਬਾਨ 9354100003


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫ਼ਤਹਿ

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ॥
ਇਤੁ ਮਾਰਗਿ ਪੈਰੁ ਧਰੀਜੈ ॥
ਸਿਰੁ ਦੀਜੈ ਕਾਣਿ ਨ ਕੀਜੈ ॥

## ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਵਸ ਸਬੰਧੀ

# ਆਜ਼ਾਦ ਫਰੰਟ ਪੰਜਾਬ

## ਵੱਲੋਂ

## ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਵੁਲਵਰਹੈਂਪਟਨ ਵਿਖੇ

# ਸ਼ਹੀਦੀ ਸਮਾਗਮ

## 22 ਤੋਂ 24 ਨਵੰਬਰ 2024



**ਗੁਰੂ ਪਿਆਰੀ ਸਾਧ ਸੰਗਤ ਜੀਓ,**

**ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ।।**

ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਵਸ ਸੰਪੂਰਨ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਕਹਿਣੀ ਅਤੇ ਕਰਨੀ ਦੇ ਪੂਰੇ ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਦਿਵਸ **ਆਜ਼ਾਦ ਫਰੰਟ ਪੰਜਾਬ** ਦੇ ਸਾਰੇ ਹੀ ਸੇਵਾਦਾਰਾਂ ਵੱਲੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਵੁਲਵਰਹੈਂਪਟਨ ਵਿਖੇ 22 ਨਵੰਬਰ ਤੋਂ 24 ਨਵੰਬਰ, 2024 ਤੱਕ ਸ਼ਹੀਦੀ ਸਮਾਗਮ ਕਰਵਾਇਆ ਜਾ ਰਿਹਾ ਹੈ।ਅਸੀਂ ਆਪ ਸਭ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਇਸ ਸਮਾਗਮ ਵਿੱਚ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ-ਧੰਨ ਬਾਬਾ ਦੀਪ ਸਿੰਘ ਜੀ ਨੂੰ ਸ਼ਰਧਾਂਜਲੀਆਂ ਭੇਂਟ ਕਰੀਏ।

ਆਵਾਜ਼ਿ ਕੌਮ AWAZE QAUM International Newspaper & WEB TV

## ⋆ ਪ੍ਰੋਗਰਾਮ ⋆

ਆਰੰਭ ਸ੍ਰੀ ਅਖੰਡਪਾਠ ਸਾਹਿਬ 22 ਨਵੰਬਰ 2024
ਦਿਨ ਸ਼ੁੱਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਆਖੰਡਪਾਠ ਸਾਹਿਬ 24 ਨਵੰਬਰ 2024
ਦਿਨ ਐਤਵਾਰ ਸਵੇਰੇ 10 ਵਜੇ

**ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ**



ਜਿਸ ਵਿੱਚ ਗੁਰਬਾਣੀ ਕੀਰਤਨ, ਕਥਾ ਤੋਂ ਬਾਅਦ ਗਿਆਨੀ ਗੱਜਣ ਸਿੰਘ ਗੜਗੱਜ ਦਾ ਢਾਡੀ ਜੱਥਾ ਬਾਬਾ ਜੀ ਦੇ ਜੀਵਨ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਗੇ।

**ਤਿੰਨੋ ਦਿਨ ਹੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ**

### ਗੁਰਦੁਆਰਾ ਸਾਹਿਬ ਦਾ ਪਤਾ

Guru Nanak Sikh Gurdwara
SEDGLEY Street
Wolverhampton WV2 3AJ
Mob. : 0738 731 7178

ਖਾਲਸਾ ਪੰਥ ਦੇ ਸੇਵਾਦਾਰ

# ਆਜਾਦ ਫਰੰਟ ਪੰਜਾਬ




## ⋆ ਪੰਥ ਦੇ ਸੇਵਾਦਾਰ ⋆

ਭਾਈ ਜਸਪਾਲ ਸਿੰਘ ਨਿੱਝਰ
ਭਾਈ ਪ੍ਰਭਜੀਤ ਸਿੰਘ ਔਲਖ
ਭਾਈ ਹਰਜੀਤ ਸਿੰਘ ਢਿੱਲੋਂ
ਭਾਈ ਗੁਰਬਿੰਦਰ ਸਿੰਘ ਗਿੱਲ
ਭਾਈ ਜੋਗਾ ਸਿੰਘ ਬਸੀ

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ



ਤਖ਼ਤ ਸ੍ਰੀ ਪਟਨਾ ਸਾਹਿਬ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ



ਤਖ਼ਤ ਸ੍ਰੀ ਦਮਦਮਾ ਸਾਹਿਬ



ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**




ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਅਮ੍ਰਿਤ ਛਕੋ
ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬ੍ਰਹਮ ਗਿਆਨੀ ਬਾਪੂ ਖੁਸ਼ਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ
ਅਮ੍ਰਿਤ ਛਕੋ
ਸਲਾਨਾ ਗੁਰਮਤਿ ਸਮਾਗਮ
6 ਦਸੰਬਰ (21 ਮੱਘਰ) 2024 ਦਿਨ ਸ਼ੁਕਰਵਾਰ
ਸਮਾਂ : ਸਵੇਰੇ 10 ਵਜੇ
ਗੁਰਵਿੰਦਰ ਸਿੰਘ ਲਹੋਰੀਏ ਦਾ ਕਵੀਸ਼ਰੀ ਜੱਥਾ
ਕਬੱਡੀ ਐਕਸ਼ਨ ਸਟਾਰ
ਛੋਟੇ ਸੁਪਰ ਸਟਾਰਾਂ ਦੀ ਕਬੱਡੀ ਸ਼ਾਮ:3:00 ਵਜੇ
ਮੋ: 94634-27380, 98777-07918,
ਆਵਾਜ਼ਿ ਕੌਮ AWAZE QAUM TV
ਲਾਈਵ ਪ੍ਰੋਗਰਾਮ ਸਾਰਾ ਦਿਨ ਚੱਲੇਗਾ
ਅਜੀਤ ਪੌਦ ਨਰਸਰੀ
ਜਾਰੀ ਕਰਤਾ: ਭਾਈ ਸਰਬਜੀਤ ਸਿੰਘ ਵੱਲੀਆਂ, ਜਿਲ੍ਹਾ ਪ੍ਰੈਸ ਸਕੱਤਰ, ਮੋ: 75278-45340


ਤੇਰੇ ਜਨ ਪਰਉਪਕਾਰੀ ਆਏ
ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂਹਿਕ ਆਨੰਦ ਕਾਰਜ
ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ
ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।
ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473
ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮਹੰਤ ਕਾਹਨ ਸਿੰਘ ਸੇਵਾਪੰਥੀ
ਸੰਤ ਰਣਜੀਤ ਸਿੰਘ ਸੇਵਾਪੰਥੀ
ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ੴ

"ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧੁ ਜਗਿ ਚਾਨਣੁ ਹੋਆ ਜਿਉ ਕਰਿ ਸੂਰਜੁ ਨਿਕਲਿਆ ਤਾਰੇ ਛਪਿ ਅੰਧੇਰੁ ਪਲੋਆ"

## ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਪੁਰਬ ਦੇ ਸਬੰਧ ਵਿਚ

# ਮਹਾਨ ਗੁਰਮਤਿ ਸਮਾਗਮ

**ਮਿਤੀ 23 ਨਵੰਬਰ 2024 (ਸ਼ਨੀਵਾਰ) ਨੂੰ ਸਵੇਰੇ 9:00 ਵਜੇ ਤੋਂ ਦੁਪਹਿਰ 2:00 ਵਜੇ ਤਕ**

**ਗੁਰਦੁਆਰਾ ਸਿੰਘ ਸਭਾ, ਬਾਸਪੁਰ, ਆਰ. ਐਸ. ਪੁਰਾ, ਜੰਮੂ ਵਿਖੇ ਕਰਵਾਇਆ ਜਾ ਰਿਹਾ ਹੈ।**

## ਵਿਸ਼ੇਸ਼ ਤੋਰ ਤੇ ਪਹੁੰਚ ਰਹੀਆਂ ਸ਼ਖਸੀਅਤਾਂ



ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੈਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਜਥੇਦਾਰ ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫਤਰ ਗੁਰਦੁਆਰਾ ਨਾਢਾ ਸਾਹਿਬ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਸ੍ਰ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਪ੍ਰਚਾਰਕ ਗਿਆਨੀ ਮਨਪ੍ਰੀਤ ਸਿੰਘ ਜਨਸੂਆ

ਪ੍ਰਚਾਰਕ ਭਾਈ ਇੰਦਰਪਾਲ ਸਿੰਘ ਜੀ

ਕਥਾਵਾਚਕ ਭਾਈ ਸ਼ੁਭਦੀਪ ਸਿੰਘ (ਬਿਲੋਣਾ) ਗੁਰਦੁਆਰਾ ਸਾਹਿਬ ਪਾ:੧੦ ਨਾਢਾ ਸਾਹਿਬ

ਢਾਡੀ ਜੱਥਾ ਗਿਆਨੀ ਲਖਵਿੰਦਰ ਸਿੰਘ ਪਾਰਸ

ਰਾਗੀ ਜੱਥਾ ਭਾਈ ਦਲਜੀਤ ਸਿੰਘ ਜੀ ਗੁ: ਬਾਲਾ ਪ੍ਰੀਤਮ, ਤ੍ਰਿਕੁਟਾ ਨਗਰ, ਜੰਮੂ

ਪ੍ਰਚਾਰਕ ਭਾਈ ਬਲਵੰਤ ਸਿੰਘ ਜੀ ਖਾਲਸਾ ਬਾਸਪੁਰ ਵਾਲੇ

ਆਵਾਜ਼ਿ ਕੌਮ AWAZE QAUM International Newspaper & WEB TV

ਸਮੂਹ ਮਾਈ-ਭਾਈ ਸੰਗਤ ਪ੍ਰਤੀ ਬੇਨਤੀ ਹੈ ਕਿ ਦਿਤੇ ਸਮੇਂ ਅਨੁਸਾਰ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ।**

**LIVE ON**

ਇੱਕ ਬਾਣੀ IK BANI | ਹੌਂਦ HOND DIGITAL MEDIA | ਨੀਰੋਲ ਗੁਰਬਾਣੀ NIROL GURBANI Follow us on: M. 9697017025 | ਆਪਸੀ ਸਾਂਝ ਟੀਵੀ AAPSI SAANJH | ਖਾਲਸਾ ਟੀ ਵੀ (ਜੰਮੂ) KHALSA TV (JAMMU)

**ਵਲੋਂ:- ਪ੍ਰਬੰਧਕ ਕਮੇਟੀ ਅਤੇ ਸਾਧ ਸੰਗਤ ਗੁਰਦੁਆਰਾ ਸਿੰਘ ਸਭਾ, ਬਾਸਪੁਰ, ਆਰ. ਐਸ. ਪੁਰਾ, ਜੰਮੂ**

ATTAR PRINTERS # 9419190263






ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਭਰਾ ਸ. ਕੁਲਵੰਤ ਸਿੰਘ ਦੇ ਅੰਤਿਮ ਅਰਦਾਸ ਸਮਾਗਮ ਮੌਕੇ ਭਾਈ ਰਾਜੋਆਣਾ ਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਤੇ ਹਮਦਰਦੀ ਪ੍ਰਗਟਾਈ।

ਆਵਾਜ਼ਿ ਕੌਮ AWAZE QAUM International Newspaper & WEB TV




### ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ

# 2024 ਸਲਾਨਾ ਪੁਰਸਕਾਰ ਸਮਾਰੋਹ ਲਈ 18 ਨਾਮ ਘੋਸ਼ਿਤ ਕੀਤੇ ਗਏ

**ਲੁਧਿਆਣਾ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੀ ਸ਼ੁਰੂਆਤ 31 ਅਕਤੂਬਰ 2020 ਨੂੰ ਮੰਚ ਦੇ ਸੰਸਥਾਪਕ ਰਸ਼ਿੰਦਰ ਕੌਰ ਗਿੱਲ ਜੀ ਵੱਲੋਂ ਇੱਕ ਫੇਸਬੁੱਕ ਗਰੁੱਪ ਬਣਾ ਕੇ ਕੀਤੀ ਗਈ ਸੀ। ਇਸ ਮੰਚ ਦਾ ਉਦੇਸ਼ ਨਵੇਂ ਲੇਖਕਾਂ ਨੂੰ ਇੱਕ ਮੰਚ ਦੇਣਾ ਅਤੇ ਇੱਕ ਪਹਿਚਾਣ ਦੇਣਾ ਸੀ। ਰਸ਼ਿੰਦਰ ਕੌਰ ਗਿੱਲ ਜੀ ਦਾ ਮੰਨਣਾ ਹੈ ਕਿ ਉਹ ਕਦੇ ਵੀ ਇਸ ਮੰਚ ਲਈ ਇਕੱਲੇ ਕੁਝ ਨਹੀ ਕਰ ਸਕਦੇ ਸੀ। ਸਭ ਸਾਥੀ ਲੇਖਕਾਂ ਨੇ ਇੰਨਾਂ ਸਾਥ ਦਿੱਤਾ ਕਿ ਅੱਜ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੇਸ਼ ਵਿਦੇਸ਼ ਵਿੱਚ ਚਰਚਾ ਵਿੱਚ ਰਹਿੰਦਾ ਹੈ। ਇਸ ਮੰਚ ਰਾਹੀਂ ਕੀਤੇ ਜਾ ਰਹੇ ਕਾਰਜਾਂ ਨੂੰ ਦੇਸ਼ ਅਤੇ ਵਿਦੇਸ਼ ਵਿੱਚ ਸਰਾਹਿਆ ਜਾ ਰਿਹਾ ਹੈ। ਇਸ ਲਈ ਮੰਚ ਹਰ ਸਾਲ ਸਲਾਨਾ ਪੁਰਸਕਾਰ ਸਮਾਰੋਹ ਰਾਹੀਂ ਹਰ ਉਸ ਮੈਂਬਰ ਦਾ ਸਨਮਾਨ ਕਰੇਗਾ ਜੋ ਪੂਰਾ ਸਾਲ ਮੰਚ ਨਾਲ ਜੁੜ ਕੇ ਮੰਚ ਲਈ ਕਿਸੇ ਵੀ ਤਰਾਂ ਆਪਣਾ ਯੋਗਦਾਨ

ਆਵਾਜ਼ਿ ਕੌਮ AWAZE QAUM
International Newspaper & WEB TV

ਪਾਏਗਾ। ਹਰ ਸਾਲ ਪੀਂਘਾਂ ਸੋਚ ਦੀਆਂ ਐਲਬਮ ਤਿਆਰ ਕੀਤੀ ਜਾਵੇਗੀ ਜਿਸ ਵਿੱਚ ਸਾਰੇ ਸਾਲ ਵਿੱਚ ਹੋਈਆਂ ਮੰਚ ਦੀਆਂ ਗਤੀਵਿਧੀਆਂ ਬਾਰੇ ਤਸਵੀਰਾਂ ਸਮੇਤ ਜਾਣਕਾਰੀ ਦਿੱਤੀ ਜਾਵੇਗੀ।2024 ਦੇ ਸਲਾਨਾ ਪੁਰਸਕਾਰ ਲਈ ਮੰਚ ਵੱਲੋਂ 18 ਨਾਮ ਘੋਸ਼ਿਤ ਕੀਤੇ ਗਏ ਜਿੰਨਾਂ ਨੇ ਵੱਖ ਵੱਖ ਤਰਾਂ ਆਪਣੀ ਸਮਰੱਥਾ ਅਨੁਸਾਰ ਮੰਚ ਦੇ ਕਾਰਜਾਂ ਵਿੱਚ ਯੋਗਦਾਨ ਪਾਇਆ। ਇਹ 18 ਨਾਮ ਹਨ- ਰਸ਼ਿਪੰਦਰ ਕੌਰ ਗਿੱਲ, ਗੁਰਬਿੰਦਰ ਕੌਰ ਟਿੱਬਾ, ਸੁਰਜੀਤ ਸਿੰਘ ਜਰਮਨੀ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ, ਸੋਨੂੰ ਰੁੜਕੇ ਵਾਲਾ, ਰਛਪਾਲ ਸਿੰਘ, ਲਵਪ੍ਰੀਤ ਕੌਰ ਸੈਣੀ, ਇਕਬਾਲ ਸਿੰਘ ਪੁੜੈਣ, ਪਰਵੀਨ ਕੌਰ ਸਿੱਧੂ, ਡਾ.ਨਵਤੇਜ ਸਿੰਘ ਬੇਦੀ, ਤ੍ਰਿਪਤਾ ਬਰਮੌਤਾ, ਕੁਲਦੀਪ ਕੌਰ ਸਚਦੇਵਾ, ਪ੍ਰਭਜੋਤ ਸਿੰਘ, ਭਾਈ ਰਘੂਬੀਰ ਸਿੰਘ, ਪ੍ਰਸ਼ੋਤਮ ਸਰੋਏ, ਮਨਜੀਤ ਸਿੰਘ ਜਰਮਨੀ ਅਤੇ ਅਮਨਦੀਪ ਕੌਰ ਸਰਨਾ। ਇਸ ਸਮਾਗਮ ਵਿੱਚ ਲੇਖਕ ਸੋਨੀ ਰਾਣੀ ਰਾਏਕੋਟ ਜੀ ਦੀ ਕਿਤਾਬ ਅਧੂਰੇ ਖ਼ਾਬ ਦਾ ਵੀ ਲੋਕ ਅਰਪਣ ਕੀਤਾ ਜਾਵੇਗਾ। ਇਹ ਸਮਾਰੋਹ 23 ਨਵੰਬਰ ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਹੋਣ ਜਾ ਰਿਹਾ ਹੈ। ਰਸ਼ਿਪੰਦਰ ਕੌਰ ਗਿੱਲ ਜੀ ਨੇ ਸਭ ਲੇਖਕਾਂ ਨੂੰ ਮੋਹ ਭਰਿਆ ਸੱਦਾ ਭੇਜਿਆ ਹੈ ਅਤੇ ਅਰਦਾਸ ਕੀਤੀ ਹੈ ਕਿ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਆਪਣੇ ਉਦੇਸ਼ ਵੱਲ ਵੱਧਦਾ ਰਹੇ ਅਤੇ ਪੰਥ, ਪੰਜਾਬ, ਪੰਜਾਬੀ ਬੋਲੀ, ਪੰਜਾਬਿਅਤ ਅਤੇ ਪੰਜਾਬੀ ਵਿਰਸੇ ਦੀ ਸੇਵਾ ਕਰਦਾ ਰਹੇ।






ੴ ਸਤਿਗੁਰ ਪ੍ਰਸਾਦਿ।
ਸਰਫੈ ਸਰਫੈ ਸਦਾ ਸਦਾ ਏਵੈ ਗਈ ਵਿਹਾਇ ॥
ਨਾਨਕ ਕਿਸਨੋ ਆਖੀਐ ਵਿਣੁ ਪੁਛਿਆ ਹੀ ਲੈ ਜਾਇ ॥੩੧॥



ਆਪ ਜੀ ਨੂੰ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ
ਸਾਡੇ ਸਤਿਕਾਰਯੋਗ

# ਸਰਦਾਰ ਹਰੀ ਸਿੰਘ

(ਸਪੁੱਤਰ ਜਥੇਦਾਰ ਹਰਬੰਸ ਸਿੰਘ)
ਵਾਸੀ ਭੌਏਵਾਲ, ਜਿਲ੍ਹਾ ਅੰਮ੍ਰਿਤਸਰ
ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ
ਮਿਤੀ 13 ਨਵੰਬਰ 2024 ਨੂੰ ਸਤਿਗੁਰ ਦੇ ਚਰਨ੍ਹਾਂ ਵਿੱਚ ਜਾ ਬਿਰਾਜੇ ਹਨ
ਸੋ ਉਹਨਾਂ ਦੀ ਆਤਮਿਕ ਸ਼ਾਤੀ ਲਈ ਆਪ ਜੀ ਨੇ ਉਹਨ੍ਹਾ ਦੇ ਪਾਠ ਦੇ ਭੋਗ ਦੀ

# ਅੰਤਿਮ ਅਰਦਾਸ

ਦਿਨ ਸ਼ੁੱਕਰਵਾਰ 22 ਨਵੰਬਰ 2024 ਨੂੰ
10 ਤੋਂ 01:00 ਵਜੇ ਤੱਕ ਦੁਪਹਿਰ

# ਗੁਰਦੁਆਰਾ ਸਿੰਘ ਸਭਾ ਸਾਹਿਬ

ਗਲੀ ਨੰ 6 ਪਿੰਡ ਭੌਏਵਾਲ, ਜਿਲ੍ਹਾ ਅੰਮ੍ਰਿਤਸਰ
ਵਿਖੇ ਸ਼ਾਮਿਲ ਹੋਣ ਦੀ ਕਿਰਪਾਲਤਾ ਕਰਨੀ ਜੀ।

ਦੁਖੀ ਹਿਰਦੇ – **ਜੋਬਨਜੀਤ ਸਿੰਘ, ਭਾਈ ਮੇਜਰ ਸਿੰਘ ਪ੍ਰਧਾਨ**
ਮੋ : 9463186297

### ਜੇ ਤੁਹਾਨੂੰ ਇਤਰਾਜ ਆ ਸਮਝੌਤੇ ਹਮਾਇਤਾਂ ਕਰਨ 'ਚ

# ਫਿਰ ਸਿਰ ਤਾਂ ਦਿਓ ਕੌਮ ਦੇ ਮਸਲਿਆਂ ਲਈ





ਬਾਬਾ ਹਰਨਾਮ ਸਿੰਘ ਜੀ ਨੇ ਇੱਕ ਗਲਤੀ ਕੀਤੀ ਉਹ ਤੁਹਾਨੂੰ ਬਾਅਦ 'ਚ ਦੱਸਦੇ ਆ ਪਹਿਲਾ ਚੰਗੇ ਕੰਮ ਸੁਣ ਲਓ

ਇਸੇ ਕਰਕੇ ਗੁਰੂ ਸਾਹਿਬ ਨੇ ਕਿਹਾ

**ਭਗਤਾ ਤੈ ਸੈਸਾਰੀਆ ਜੋੜੁ ਕਦੇ ਨ ਆਇਆ**

ਇਹ ਕਦੇ ਜੋੜ ਬਣਨਾ ਵੀ ਨਈ

ਪਹਿਲਾ ਬਾਬਾ ਅਕਾਲੀਆਂ ਨਾਲ, ਤੁਹਾਡੇ ਲਈ ਉਦਣ ਵੀ ਮਾੜਾ ਸੀ. ਪਰ ਬਾਬੇ ਨੇ 1984 ਦੇ ਸ਼ਹੀਦਾਂ ਦੀ ਯਾਦਗਾਰ ਵੀ ਬਣਾ ਲਈ, ਸ਼ਹੀਦਾਂ ਦੀ ਗੈਲਰੀ ਵੀ ਬਣਾ ਲਈ, 14 ਸਾਲ ਤੋਂ ਹੋ ਰਹੀ ਬੰਗਲਾ ਸਾਹਿਬ ਦਸਮ ਬਾਣੀ ਦੀ ਨਿੰਦਿਆ ਵੀ ਬੰਦ ਕਰਵਾ ਲਈ, ਸੰਤਾਂ ਦਾ ਜਨਮ ਅਸਥਾਨ ਵੀ ਬਣਾ ਦਿੱਤਾ

ਪਰ ਤੁਹਾਡੇ ਲਈ ਬਾਬਾ ਮਾੜਾ ਹੀ ਰਿਹਾ ਬਾਦਲ ਤੁਹਾਡੇ ਲਈ ਸਭ ਤੋਂ ਨਖਿਧ ਸੀ ਪਰ ਬਾਬੇ ਨੇ ਫਿਰ ਵੀ ਕੰਮ ਕਰਵਾ ਲਏ ਕੌਮ ਦੇ, ਤੇ ਤੁਸੀਂ ਅੱਜ ਵੀ ਬਾਦਲ ਬਾਦਲ ਰੋਈ ਜਾਂਦੇ ਆ, ਕਰਵਾ ਕੰਮ ਬਾਬੇ ਨੇ ਬੀਜੇਪੀ ਤੋਂ ਵੀ ਲੈਣੇ, ਫਰਕ ਇਹ ਆ ਗੁਰੂ ਸਾਹਿਬ ਨੇ ਬਾਬਾ ਜੀ ਨੂੰ ਕੌਮੀ ਕਾਰਜ ਬਖਸ਼ੇ ਆ ਤੇ ਤੁਹਾਡੇ ਕਰਮਾਂ ਚ ਉਹਨਾਂ ਦੀ ਨਿੰਦਿਆ! ਹੁਣ ਬਾਬੇ ਨੇ ਮਹਾਰਾਸ਼ਟਰ ਵਿੱਚ ਬੀਜੇਪੀ ਦੀ ਸਪੋਟ ਕਰ ਦਿੱਤੀ, ਬਾਬਾ ਫਿਰ ਮਾੜਾ ਹੋ ਗਿਆ ਹੁਣ ਮਾੜਾ ਪਤਾ ਕਿਉਂ ਹੋਇਆ ? ਕਿਉਂਕਿ ਬਾਬੇ ਨੇ ਮਹਾਰਾਸ਼ਟਰ ਦੀ ਸਰਕਾਰ ਨਾਲ ਗੱਲ ਬਾਤ ਕਰਕੇ ਤਖਤ ਸ੍ਰੀ ਹਜੂਰ ਸਾਹਿਬ ਦਾ ਕੰਟਰੋਲ ਸਰਕਾਰ ਕੋਲ ਜਾਣ ਦੀ ਜਗਾਹ ਸਿੱਖਾਂ ਨੂੰ ਮੁੜ ਲੈ ਦਿੱਤਾ. ਸਭ ਤੋਂ ਪਹਿਲੀ ਗਲਤੀ ਇਹ ਬਾਬੇ ਦੀ ਹੁਣ ਦੂਜਾ ਬਾਬਾ ਕਹਿੰਦਾ ਡਾਂਗ ਮਾਰ ਮੰਗੂ ਮੱਠ ਅਤੇ ਹੋਰ ਜਿੰਨੇ ਸਿੱਖ ਗੁਰਦਵਾਰਿਆ ਦੇ ਮਸਲੇ ਹੱਲ ਕਰਵਉਣੇ, ਦੂਜੀ ਗਲਤੀ ਇਹ ਕਰ ਲਈ

ਤੀਜਾ ਬਾਬੇ ਨੇ ਕਰੋੜਾਂ ਦੀ ਗਿਣਤੀ ਵਿੱਚ ਮਹਾਰਾਸ਼ਟਰ ਝੁਗੀਆਂ ਝੋਂਪੜੀਆ ਵਿੱਚ ਰਹਿ ਰਹੇ ਗਰੀਬ ਲੁਬਾਣੇ ਵਣਜਾਰੇ ਸ਼ਿਕਲੀਗਰ ਤੇ ਸਿੰਧੀ ਸਿੱਖਾਂ ਦੀ ਪੜਾਈ ਹੌਸਪੀਟਲ ਦੇ ਪ੍ਰਬੰਧ ਕਰਵਾਉਣ ਦੀ ਗਲਤੀ ਕਰ ਲਈ

ਕਿੰਨਾ ਚੰਗਾ ਹੁੰਦਾ ਜੇ ਤੁਹਾਡੇ ਵਾਂਗ ਦੋ ਚਾਰ ਗਾਲਾਂ ਬੀਜੇਪੀ ਨੂੰ ਕੱਢ ਕੇ ਵੀਡੀਓ ਪਾ ਦਿੰਦਾ ਤੇ ਤੁਹਾਡੇ ਵਾਂਗ ਫੋਕਾ ਪੰਥਿਕ ਬਣਿਆ ਰਹਿੰਦਾ, ਨਾ ਕੋਈ ਕੰਮ ਕਰਨ ਦੀ ਲੋੜ ਪੈਂਦੀ, ਆਪੇ ਸਰਕਾਰ ਹਜੂਰ ਸਾਹਿਬ ਵਾਲਾ ਤਖਤ ਸਾਂਭ ਲੈਂਦੀ ਤੁਹਾਡਾ ਕੀ ਜਾਣਾ ਸੀ, ਜੇ ਤੁਹਾਨੂੰ ਵਾਕਿਆ ਹੀ ਹਜੂਰ ਸਾਹਿਬਦੀ ਫਿਕਰ ਸੀ ,ਤੁਸੀਂ ਕਦੋਂ ਗਏ ਤਖਤ ਸ੍ਰੀ ਹਜੂਰ ਸਾਹਿਬ ਵਿਰੋਧ ਕਰਨ ਸਰਕਾਰ ਦਾ ? ਲੁਬਾਣੇ ਸਿੰਧੀ ਵਣਜਾਰੇ ਸਿੱਖਾਂ ਦਾ ਫਿਕਰ ਸੀ ਤਾਂ ਦੱਸੋ ਕਦੇ ਗਏ ਉਹਨਾਂ ਦੀ ਮੱਦਦ ਕਰਨ ਮਹਾਰਾਸ਼ਟਰ ?

ਮੰਗੂ ਮੱਠ ਡਾਂਗਮਾਰ ਕਬਜ਼ਾ ਛੱਡਵਉਣ ਕੌਣ ਗਿਆ ਤੁਹਾਡੇ ਵਿੱਚੋਂ ? ਬਾਬੇ ਦੀ ਇਹੀ ਗਲਤੀ ਬਾਬੇ ਨੇ ਤੁਹਾਡੇ ਵਾਂਗ ਫੁਕਰ ਪੰਥੀ ਨਹੀਂ ਕੀਤੀ, ਨਾਂ ਆਪਣੇ ਘਰ ਪਰਿਵਾਰ ਰਿਸ਼ਤੇਦਾਰ ਨੂੰ ਸ਼੍ਰੋਮਣੀ ਕਮੇਟੀ ਅਕਾਲੀ ਦਲ ਜਾ ਸਰਕਾਰੀ ਨੌਕਰੀ ਤੱਕ ਨਹੀਂ ਲਵਾਇਆ, ਨਾ ਆਪਣਾ ਘਰ ਬਾਰ ਬਣਾਇਆ ਹੱਦ ਹੋ ਗਈ ਬੇਵਕੂਫੀ ਦੀ ਨਾ ਆਪਣੀ ਸਿੱਖਾਂ ਦੀ ਕੋਈ ਪਾਰਟੀ ਮਹਾਰਾਸ਼ਟਰ ਚ, ਜਿਸਦੇ ਉਲਟ ਬਾਬਾ ਭੁਗਤ ਗਿਆ ਹੋਵੇ. ਬੀਜੇਪੀ ਦੇ ਉਲਟ ਕਾਂਗਰਸ ਖੜੀ ਆ, ਜੇ ਬੀਜੇਪੀ ਨੂੰ ਹਰਾਉਣਾ, ਬਣਾ ਤਾਂ ਤੁਸੀਂ ਵੀ ਦਰਬਾਰ ਸਾਹਿਬ ਤੇ ਹਮਲਾ ਕਰਨ ਵਾਲੀ ਧਿਰ ਹੀ ਰਹੇ ਆ. ਹਾਲੇ ਕਾਂਗਰਸ ਵਾਲੀ ਬਾਂਹ ਦੇਖਣ ਚ ਕਸਰ ਰਹਿੰਦੀ,ਉਹ ਮਹਾਰਾਸ਼ਟਰ ਵਾਲੇ ਸਿੱਖਾਂ ਨੂੰ ਵੀ ਦਵਾਉਂਣੀ ਆ ?

ਟੇਬਲ ਟਾਲਕ ਨਾਮ ਦੀ ਚੀਜ ਤਾਂ ਸਾਡੇ ਲਾਗਿਓ ਦੀ ਨਹੀਂ ਲੰਘੀ 1947 ਤੋਂ ਬਾਅਦ ਹੀ ਦੇਖ ਲਓ! ਅਸੀਂ ਵੰਡ ਵੇਲੇ ਨਨਕਾਣਾ ਸਾਹਿਬ ਕਰਤਾਰ ਪੁਰ ਸਾਹਿਬ ਅਤੇ ਹੋਰ ਨੇੜੇ ਲਗਦੇ ਗੁਰਦਵਾਰੇ ਵੀ ਨਹੀਂ ਰੱਖ ਸਕੇ. ਚਲੋ ਜੇ ਮਾਸਟਰ ਤਾਰਾ ਸਿੰਘ ਗਲਤ ਸੀ ਤਾਂ ਸਿਆਣੇ ਸਿੱਖ ਕਿੱਥੇ ਸੀ ਟੇਬਲ ਟਾਲਕ ਵਾਲੇ ? ਪੰਜਾਬ ਦੇ ਟੋਟੇ ਹੋ ਗਏ ਸਿਆਣੇ ਫਿਰ ਨਹੀਂ ਲੱਭੇ.

1984 ਤੋਂ ਬਾਅਦ ਅਸੀਂ ਖੁਦ ਕਾਂਗਰਸ ਦੀ ਸਰਕਾਰ ਆਪ ਬਣਾ ਕੇ ਦਿੱਤੀ, ਅਸੀਂ ਫਿਰ ਨਹੀਂ ਟੇਬਲ ਤੇ ਬੈਠ ਕੇ ਰਣ ਨੀਤੀ ਬਣਾ ਸਕੇ, ਫਿਰ ਉਸੇ ਕਾਂਗਰਸ ਨੇ ਜਿੰਨੇ ਮੁੱਛ ਫੁੱਟ ਤੋਂ ਲੈ ਕੇ ਚਾਹੇ ਕੋਈ ਇਨਵੋਲ ਸੀ ਚਾਹੇ ਨਹੀਂ ਸੀ ਓਹਨੀ ਸਭ ਦਾ ਚੁੱਕ ਕੇ ਮੁਕਾਬਲਾ ਬਣਾ ਦਿੱਤਾ. ਇਹ ਸਿਆਣਪ ਅਸੀਂ 84 ਤੋਂ ਬਾਅਦ ਦਿਖਾਈ

ਉਹ ਛੱਡੋ ਹੁਣ ਦੇਖ ਲਓ ਕਿਸਾਨੀ ਮੋਰਚਾ ਲੱਗਿਆ, ਉਦੋਂ ਮੰਗਾ ਕਿਹੜੀ ਸਰਕਾਰ ਅੱਗੇ ਰੱਖੀਆਂ ਸੀ, ਇਹੀ ਬੀਜੇਪੀ ਸੀ ਜਾ ਕੋਈ ਹੋਰ ਸੀ ? ਉਹਨਾਂ ਦੇ ਕਹਿਣ ਤੇ ਹੀ ਘਰਾਂ ਨੂੰ ਆ ਗਏ ਜੇ ਓਥੇ ਟੇਬਲ ਟਾਲਕ ਕਰਨੀ ਸੀ ਤਾਂ ਫਿਰ ਕਾਮਰੇਡ ਬੈਠੇ ਸੀ. ਤੇ ਤੁਸੀਂ ਤਾਂ ਅੱਜ ਦੇ ਸਿਆਣੇ ਸਿੱਖ ਬਣੇ ਬੈਠੇ ਤੁਸੀਂ ਕਿਉਂ ਨਹੀਂ ਬੈਠ ਸਕੇ ਸਰਕਾਰ ਨਾਲ ? ਗੱਲ ਕਾਹਦੀ ਅਸੀਂ ਫੇਸਬੁੱਕ ਸ਼ੋਸ਼ਲ ਮੀਡੀਆਂ ਤੇ ਚਵਲਾਂ ਮਾਰਨੀਆਂ ਸਾਡੇ ਵਲੋਂ ਢੱਠੇ ਖੂਹ ਚ ਪੈਣ ਵਣਜਾਰੇ ਸਿੰਧੀ ਲੁਬਾਣੇ ਸਿੱਖ, ਝੋਂਪੜੀਆਂ ਚ ਉਹ ਬੈਠੇ ਆ,ਅਸੀਂ ਤਾਂ ਅਮਰੀਕਾ ਕਨੇਡਾ ਇੰਗਲੈਂਡ ਆਸਟ੍ਰੇਲੀਆ ਸੈੱਟ ਬੈਠੇ ਆ, ਨਾ ਅਸੀਂ ਕੋਈ ਆ ਕੇ ਲੜਾਈ ਲੜਨੀ ਨਾ ਸਾਡੇ ਜਵਾਕਾਂ ਨੇ ਆਉਣਾ. ਚਲੋ ਜੇ ਤੁਹਾਨੂੰ ਇਤਰਾਜ ਆ ਸਮਝੌਤੇ ਹਮਾਇਤਾਂ ਕਰਨ ਚ, ਫਿਰ ਸਿਰ ਤਾਂ ਦਿਓ ਕੌਮ ਦੇ ਮਸਲਿਆਂ ਲਈ, ਇੱਕ ਇੱਕ ਜਵਾਕ ਹੀ ਭੇਜ ਦਿਓ. ਜਿਨਾਂ ਵਿਗਾੜ ਤੁਸੀਂ ਪਾ ਰਹੇ ਇੰਨਾ ਤਾਂ ਗੁਰੂ ਸਾਹਿਬ ਨੇ ਵੀ ਨਹੀਂ ਪਾਇਆ ਮੌਕੇ ਦੀ ਸਰਕਾਰ ਨਾਲ ਸਤੀ ਪ੍ਰਥਾ ਕੀਹਦੇ ਕੋਲੋਂ ਬੰਦ ਕਰਵਾਈ ਸੀ ਗੁਰੂ ਸਾਹਿਬ ਨੇ ? ਜਹਾਂਗੀਰ ਜਿਸਨੇ ਪੰਜਵੇਂ ਪਾਤਸ਼ਾਹ ਨੂੰ ਸ਼ਹੀਦ ਕਰਵਾਇਆ,ਨਾਲ ਮਿਲ ਕੇ ਚਲਦੇ ਰਹੇ ਜਾ ਨਈ ਛੇਵੇਂ ਪਾਤਸ਼ਾਹ ? ਔਰੰਗਜ਼ੇਬ ਨੇ ਸਾਰਾ ਪਰਿਵਾਰ ਸ਼ਹੀਦ ਕਰਵਾ ਦਿੱਤਾ, ਫਿਰ ਵੀ ਉਸਦੇ ਪੁੱਤਰ ਬਹਾਦਰ ਸ਼ਾਹ ਨੂੰ ਕਿਉਂ ਰਾਜ ਲੈ ਕੇ ਦਿੱਤਾ ਗੁਰੂ ਗੋਬਿੰਦ ਸਿੰਘ ਜੀ ਨੇ ? ਤੁਸੀਂ ਮੈਨੂੰ ਲਗਦਾ ਗੁਰੂ ਸਾਹਿਬ ਤੋਂ ਵੀ ਵੱਡੇ ਸਿੱਖ ਬਣ ਗਏ ਆ, ਜਿਹੋ ਜਿਹੇ ਸਾਡੇ ਲੱਛਣ ਆ, ਅਸੀਂ ਆਉਣ ਵਾਲੇ ਸਮੇਂ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਤੇ ਵੀ ਕਿੰਤੂ ਕਰਾਂਗੇ ਸਰਕਾਰ ਤੋਂ ਡਰਦੇ ਅਸੀਂ ਸਾਹਮਣੇ ਨਈ ਆਓਂਦੇ, ਫੀਲਿੰਗਾ ਕਾਹਨੂੰਵਾਨ ਦੇ ਜੰਗਲਾਂ ਚ ਰਹਿਣ ਵਾਲੇ ਸਿੰਘਾਂ ਦੀਆ ਲੈ ਰਹੇ ਰਜਾਈਆਂ ਚ ਬੈਠ ਕੇ. ਗੱਲ ਤਾਂ ਤੁਸੀ ਤਾਂ ਕਰੋ ਜੇ ਤੁਸੀਂ ਘੋੜਿਆ ਦੀਆ ਕਾਠੀਆਂ ਤੇ ਸੰਘਰਸ਼ ਲੜ ਰਹੇ ਹੋਵੇ ਤੇ ਬਾਬਾ ਸਰਕਾਰਾਂ ਨਾਲ ਰਲ ਗਿਆ ਹੋਵੇ ਹਰ ਕੰਮ ਮੁਖੀ ਤੇ ਸੁੱਟ ਦਿੰਦੇ ਕਦੇ ਤੁਸੀਂ ਵੀ ਬਾਬਾ ਬੋਤਾ ਸਿੰਘ ਬਾਬਾ ਗਰਜਾ ਸਿੰਘ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਭਾਈ ਸਤਵੰਤ ਸਿੰਘ ਭਾਈ ਕੇਹਰ ਸਿੰਘ ਬਣ ਕੇ ਵਿਖਾਓ, ਉਹ ਕਿਹੜਾ ਕਿਸੇ ਜਥੇਬੰਦੀ ਦੇ ਮੁਖੀ ਸੀ. ਪਤਾ ਤਾਂ ਲੱਗੇ ਤੁਹਾਡੇ ਤਿਲਾਂ ਚ ਕਿੰਨਾ ਕ ਤੇਲ ਆ


**ਵੱਲੋਂ : ਗੁਰਪ੍ਰੀਤ ਸਿੰਘ**

## ਸ਼ਹਿਰ ਦੀ ਬਿਜਲੀ ਪ੍ਰਣਾਲੀ ਨੂੰ ਆਧੁਨਿਕ ਅਤੇ ਸਾਫ਼ ਸੁਥਰਾ ਬਣਾਉਣ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਅੱਜ 9 ਵਜ਼ੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਬੰਦ ਰਹੇਗੀ



**ਜੰਡਿਆਲਾ ਗੁਰੂ, 20 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਸ਼ਹਿਰ ਵਿੱਚ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਬਿਜਲੀ ਮਹਿਕਮੇ ਵੱਲੋਂ ਸ਼ਹਿਰ ਦੀ ਬਿਜਲੀ ਪ੍ਰਣਾਲੀ ਨੂੰ ਆਧੁਨਿਕ ਅਤੇ ਸਾਫ਼ ਸੁਥਰਾ ਬਣਾਉਣ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ।ਸ਼ਹਿਰ ਵਿੱਚੋ ਫਾਲਤੂ ਤਾਰਾਂ ਦੇ ਜੰਜਾਲ ਨੂੰ ਹਟਾ ਕੇ ਸਫ਼ਾਈ ਅਤੇ ਸੁਰੱਖਿਆ ਲਈ ਮਜ਼ਬੂਤ ਕਦਮ ਚੁੱਕੇ ਜਾ ਰਹੇ ਹਨ। ਇਹ ਮੁਹਿੰਮ ਸ਼ਹਿਰ ਦੀ ਰੂਪ-ਰੇਖਾ ਨੂੰ ਨਵੀਂ ਪਹਚਾਣ ਦੇਵੇਗੀ।ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਨੌਜਵਾਨ ਆਪ ਆਗੂ ਵਿਜੈ ਕੁਮਾਰ ਮੱਟੀ ਅਤੇ ਸੋਨੂੰ ਮੱਟੂ ਨੇ ਕਿਹਾ ਕਿ ਮੰਤਰੀ ਸਾਹਿਬ ਜੰਡਿਆਲਾ ਗੁਰੂ ਦੇ ਵਿਕਾਸ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੇ ਹਨ। ਉਹਨਾਂ ਦੇ ਮੌਲਿਕ ਦ੍ਰਿਸ਼ਟੀਕੋਣ ਨਾਲ ਸ਼ਹਿਰ ਨੂੰ ਸਾਰਿਆਂ ਲਈ ਸੁਵਿਧਾਜਨਕ,ਸੁੰਦਰ ਅਤੇ ਆਧੁਨਿਕ ਬਣਾਉਣ ਵੱਲ ਤੇਜ਼ੀ ਨਾਲ ਪ੍ਰਗਤੀ ਹੋ ਰਹੀ ਹੈ। ਇਹ ਯਤਨ ਸ਼ਹਿਰ ਦੇ ਨਾਗਰਿਕਾਂ ਦੇ ਜੀਵਨ ਨੂੰ ਸੁਧਾਰਨ ਅਤੇ ਉਨ੍ਹਾਂ ਦੀ ਭਲਾਈ ਦੇ ਕੰਮ ਆਉਣ ਵਾਲਾ ਕਦਮ ਹੈ। ਇਥੇ ਇਹ ਦਸਣਯੋਗ ਹੈ ਕਿ ਉਕਤ ਸਾਰਾ ਕੰਮ ਕਰਨ ਲਈ ਅੱਜ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤਕ ਬਿਜਲੀ ਵਿਭਾਗ ਵਲੋ ਬਿਜਲੀ ਬੰਦ ਰੱਖੀ ਗਈ ।

## ਸਮਾਜ ਸੇਵੀ ਹੌਲਦਾਰ ਹਰੀ ਸਿੰਘ ਭੋਏਵਾਲ ਨਹੀਂ ਰਹੇ



**ਚੌਕ ਮਹਿਤਾ, 20 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵੀ ਜਥੇਦਾਰ ਹਰਬੰਸ ਸਿੰਘ ਦੇ ਸਪੁੱਤਰ ਅਤੇ ਪ੍ਰਧਾਨ ਮੇਜਰ ਸਿੰਘ ਦੇ ਭਰਾ ਸਮਾਜ ਸੇਵੀ ਹੌਲਦਾਰ ਹਰੀ ਸਿੰਘ ਭੋਏਵਾਲ ਨਹੀਂ ਰਹੇ, ਉਨ੍ਹਾਂ ਦੀ ਉਮਰ ਤਕਰੀਬਨ 54 ਸਾਲ ਦੇ ਸਨ, ਉਹ ਕਪੂਰਥਲਾ ਪੰਜਾਬ ਪੁਲਿਸ ਵਿੱਚ ਗੁਰਦੁਆਰਾ ਸਾਹਿਬ ਵਿੱਚ ਗ੍ਰੰਥੀ ਸਿੰਘ ਦੀ ਸੇਵਾ ਕਰਦੇ ਸਨ, ਅਚਾਨਕ ਹਾਰਟ ਅਟੈਕ ਹੋਣ ਕਰਕੇ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ, ਗੁਰੂ ਸਾਹਿਬ ਦੇ ਚਰਨਾਂ ਵਿੱਚ ਵਿੱਚ ਜਾ ਬਿਰਾਜੇ ਹਨ। ਹੌਲਦਾਰ ਹਰੀ ਸਿੰਘ ਭੋਏਵਾਲ ਅੰਮ੍ਰਿਧਾਰੀ ਅਤੇ ਪਵਿੱਤਰ ਪਾਵਨ ਗੁਰਬਾਣੀ ਦੇ ਨਿਤਨੇਮੀ ਸਨ, ਅਤੇ ਦਿਨ ਰਾਤ ਵਾਹਿਗੁਰੂ ਜੀ ਦਾ ਸਿਮਰਨ ਭਜਨ ਬੰਦਗੀ ਵਾਲੀ ਪਵਿੱਤਰ ਰੂਹ ਸਨ, ਉਨ੍ਹਾਂ ਦਾ ਭੋਗ 22 ਨਵੰਬਰ 2024 ਦਿਨ ਸ਼ੁੱਕਰਵਾਰ ਨੂੰ ਗੁਰਦੁਆਰਾ ਸਿੰਘ ਸਭਾ ਸਾਹਿਬ ਗਲੀ ਨੰਬਰ6 ਪਿੰਡ ਭੋਏਵਾਲ ਵਿੱਖੇ ਪੈਣਗੇ ਉਨ੍ਹਾਂ ਦੀ ਅੰਤਿਮ ਅਰਦਾਸ ਅਤੇ ਭੋਗ ਦੇ ਸਮੇਂ ਧਾਰਮਿਕ, ਰਾਜਨੀਤਕ, ਸਮਾਜ ਸੇਵੀ, ਪੰਜਾਬ ਪੁਲਿਸ ਦੇ ਉਚ ਅਧਿਕਾਰੀ ਦੇਸਾ ਵਿਦੇਸ਼ਾ ਦੀਆਂ ਸੰਗਤਾ ਸਰਧਾ ਦੇ ਫੁੱਲ ਭੇਟ ਕਰਨਗੇ।

### ਹਰਸ਼ਿਤਾ ਕਤਲ ਮਾਮਲਾ

# ਭਾਰਤੀ ਮੂਲ ਦੇ ਪੰਕਜ ਲਾਂਬਾ ਦੀ ਭਾਲ 'ਚ ਜੁਟੀ ਲੰਡਨ ਪੁਲਸ ; ਪਰਿਵਾਰ ਨੇ ਇਨਸਾਫ ਦੀ ਲਾਈ ਗੁਹਾਰ

**ਲੰਡਨ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕੁਝ ਦਿਨ ਪਹਿਲਾਂ ਪੂਰਬੀ ਲੰਡਨ ਵਿਚ ਇਕ ਕਾਰ ਦੀ ਡਿੱਕੀ ਵਿਚੋਂ ਭਾਰਤੀ ਮੂਲ ਦੀ ਔਰਤ ਦੀ ਲਾਸ਼ ਮਿਲਣ ਤੋਂ ਬਾਅਦ ਉਸ ਦੇ ਪਰਿਵਾਰ ਨੇ ਇਨਸਾਫ ਦੀ ਅਪੀਲ ਕੀਤੀ ਹੈ।ਮਾਮਲੇ ਦੀ ਜਾਂਚ ਕਰ ਰਹੀ ਬ੍ਰਿਟਿਸ਼ ਪੁਲਸ 24 ਸਾਲਾ ਹਰਸ਼ਿਤਾ ਬਰੇਲਾ ਦੇ ਕਤਲ ਦੇ ਸ਼ੱਕ 'ਚ ਉਸ ਦੇ ਭਾਰਤੀ ਮੂਲ ਦੇ ਪਤੀ ਪੰਕਜ ਲਾਂਬਾ ਦੀ ਭਾਲ ਕਰ ਰਹੀ ਹੈ। ਇਸ ਹਫਤੇ ਬੀਬੀਸੀ ਨਾਲ ਇੱਕ ਇੰਟਰਵਿਊ ਵਿੱਚ, ਬਰੇਲਾ ਦੀ ਮਾਂ ਸੁਦੇਸ਼ ਕੁਮਾਰੀ, ਪਿਤਾ ਸਤਬੀਰ ਬਰੇਲਾ ਅਤੇ ਭੈਣ ਸੋਨੀਆ ਡਾਬਾਸ ਨੇ ਹਰਸ਼ਿਤਾ ਦੀ ਮੌਤ ਬਾਰੇ ਰੋਂਦੇ ਹੋਏ ਗੱਲ ਕੀਤੀ ਸੀ। ਨੌਰਥੈਂਪਟਨਸ਼ਾਇਰ ਪੁਲਸ ਨੂੰ ਸ਼ੱਕ ਹੈ ਕਿ ਪੰਕਜ ਇਸ ਮਹੀਨੇ ਦੇ ਸ਼ੁਰੂ ਵਿਚ ਆਪਣੀ ਪਤਨੀ ਹਰਸ਼ਿਤਾ ਬਰੇਲਾ ਦਾ ਕਤਲ ਕਰਨ ਤੋਂ ਬਾਅਦ ਦੇਸ਼ ਛੱਡ ਕੇ ਭੱਜ ਗਿਆ ਹੈ। ਪੁਲਸ ਦਾ ਮੰਨਣਾ ਹੈ ਕਿ ਪੰਕਜ ਨੇ ਹਰਸ਼ਿਤਾ ਦਾ ਕੋਰਬੀ ਸਥਿਤ ਆਪਣੇ ਘਰ 'ਚ ਕਤਲ ਕੀਤਾ, ਉਸ ਦੀ ਲਾਸ਼ ਨੂੰ ਕਾਰ ਦੀ ਡਿੱਕੀ 'ਚ ਰੱਖਿਆ ਅਤੇ ਕਾਰ ਨੂੰ 145 ਕਿਲੋਮੀਟਰ ਦੂਰ ਲੰਡਨ 'ਚ ਛੱਡ ਕੇ ਫਰਾਰ ਹੋ ਗਿਆ।ਸਤਬੀਰ ਬਰੇਲਾ ਨੇ ਦਿੱਲੀ ਵਿੱਚ ਬੀਬੀਸੀ ਨੂੰ ਕਿਹਾ, "ਮੈਂ ਚਾਹੁੰਦਾ ਹਾਂ ਕਿ ਮੇਰੇ ਜਵਾਈ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ ਅਤੇ ਮੇਰੀ ਧੀ ਦੀ ਲਾਸ਼ ਘਰ ਵਾਪਸ ਲਿਆਂਦੀ ਜਾਵੇ।" ਹਰਸ਼ਿਤਾ ਨੇ ਪਿਛਲੇ ਸਾਲ ਲਾਂਬਾ ਨਾਲ ਵਿਆਹ ਕੀਤਾ ਸੀ ਅਤੇ ਅਪ੍ਰੈਲ 'ਚ ਬ੍ਰਿਟੇਨ ਚਲੀ ਗਈ ਸੀ।ਸੋਨੀਆ ਡਾਬਾਸ ਦੇ ਅਨੁਸਾਰ, ਉਸਦੀ ਭੈਣ ਇੱਕ ਗੋਦਾਮ ਵਿੱਚ ਕੰਮ ਕਰਦੀ ਸੀ ਅਤੇ ਲਾਂਬਾ ਲੰਡਨ ਵਿੱਚ ਇੱਕ ਵਿਦਿਆਰਥੀ ਸੀ।ਡਬਾਸ ਨੇ ਕਿਹਾ, "ਉਸਨੇ ਆਪਣੇ ਪਤੀ ਦੇ ਕਾਰਨ ਬਹੁਤ ਸੰਘਰਸ਼ ਕੀਤਾ।" ਡਾਬਾਸ ਨੇ ਦੱਸਿਆ ਕਿ ਉਨ੍ਹਾਂ ਨੇ ਹਰਸ਼ਿਤਾ ਨੂੰ ਨੌਕਰੀ ਛੱਡ ਕੇ ਭਾਰਤ ਪਰਤਣ ਲਈ ਕਿਹਾ ਸੀ।ਪਰਿਵਾਰ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਹਰਸ਼ਿਤਾ ਨਾਲ ਆਖਰੀ ਵਾਰ 10 ਨਵੰਬਰ ਨੂੰ ਫੋਨ 'ਤੇ ਗੱਲ ਕੀਤੀ ਸੀ, ਜਦੋਂ ਉਸਨੇ ਉਨ੍ਹਾਂ ਨੂੰ ਦੱਸਿਆ ਸੀ ਕਿ ਉਸਨੇ ਖਾਣਾ ਬਣਾ ਲਿਆ ਹੈ ਅਤੇ ਲਾਂਬਾ ਦੇ ਘਰ ਆਉਣ ਦੀ ਉਡੀਕ ਕਰ ਰਹੀ ਹੈ। ਇਸ ਤੋਂ ਬਾਅਦ ਹਰਸ਼ਿਤਾ ਦਾ ਫੋਨ ਅਗਲੇ 2 ਦਿਨਾਂ ਤੱਕ ਬੰਦ ਰਿਹਾ। ਇਸ ਤੋਂ ਬਾਅਦ ਚਿੰਤਤ ਪਰਿਵਾਰ ਨੇ ਆਪਣੇ ਜਾਣਕਾਰ ਕੁਝ ਲੋਕਾਂ ਨੂੰ 13 ਨਵੰਬਰ ਨੂੰ ਸ਼ਿਕਾਇਤ ਦਰਜ ਕਰਵਾਉਣ ਲਈ ਕਿਹਾ। ਚੀਫ਼ ਇੰਸਪੈਕਟਰ ਪਾਲ ਕੈਸ਼ ਨੇ ਕਿਹਾ, "ਪੁੱਛਗਿੱਛ ਤੋਂ ਬਾਅਦ ਸਾਨੂੰ ਸ਼ੱਕ ਹੈ ਕਿ ਹਰਸ਼ਿਤਾ ਦਾ ਕਤਲ ਉਸਦੇ ਪਤੀ ਪੰਕਜ ਲਾਂਬਾ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਨੌਰਥੈਂਪਟਨਸ਼ਾਇਰ ਵਿੱਚ ਕੀਤਾ ਸੀ।" ਉਨ੍ਹਾਂ ਕਿਹਾ, "ਸਾਨੂੰ ਸ਼ੱਕ ਹੈ ਕਿ ਪੰਕਜ ਲਾਸ਼ ਨੂੰ ਨਾਰਥੈਂਪਟਨਸ਼ਾਇਰ ਤੋਂ ਇਲਫੋਰਡ (ਪੂਰਬੀ ਲੰਡਨ) ਤੱਕ ਕਾਰ ਵਿੱਚ ਲੁਕਾ ਕੇ ਲੈ ਗਿਆ। ਸਾਡਾ ਮੰਨਣਾ ਹੈ ਕਿ ਉਹ ਹੁਣ ਦੇਸ਼ ਛੱਡ ਕੇ ਭੱਜ ਗਿਆ ਹੈ... 60 ਤੋਂ ਵੱਧ ਜਾਸੂਸ ਇਸ ਕੇਸ 'ਤੇ ਕੰਮ ਕਰ ਰਹੇ ਹਨ।" ਪਰਿਵਾਰ ਦੇ ਮੁਤਾਬਕ, ਹਰਸ਼ਿਤਾ ਦੇ ਪਤੀ ਨੇ ਸ਼ਿਕਾਇਤ ਕੀਤੀ ਸੀ ਕਿ ਉਹ ਸਮੇਂ 'ਤੇ ਖਾਣਾ ਨਹੀਂ ਬਣਾਉਂਦੀ ਅਤੇ ਉਹ ਆਪਣੀ ਮਾਂ ਨਾਲ ਬਹੁਤ ਗੱਲ ਕਰਦੀ ਹੈ। ਅਗਸਤ ਦੇ ਅਖੀਰ ਵਿੱਚ, ਹਰਸ਼ਿਤਾ ਨੇ ਭਾਰਤ ਵਿੱਚ ਆਪਣੇ ਪਿਤਾ ਨੂੰ ਫ਼ੋਨ ਕਰਕੇ ਦੱਸਿਆ ਕਿ ਉਹ ਘਰ ਛੱਡ ਕੇ ਨਿਕਲ ਗਈ ਹੈ ਕਿਉਂਕਿ ਉਸਦਾ ਪਤੀ ਕੁੱਟਮਾਰ ਕਰਦਾ ਹੈ।





**ਭਾਰਤੀ ਮੂਲ ਦੇ ਪੰਕਜ ਲਾਂਬਾ ਦੀ ਭਾਲ 'ਚ ਜੁਟੀ ਲੰਡਨ ਪੁਲਸ, ਤਸਵੀਰ ਕੀਤੀ ਜਾਰੀ :** ਪੂਰਬੀ ਲੰਡਨ ਵਿਚ ਕੁਝ ਦਿਨ ਪਹਿਲਾਂ ਇਕ ਕਾਰ ਦੀ ਡਿੱਕੀ ਵਿਚੋਂ ਇਕ ਔਰਤ ਦੀ ਲਾਸ਼ ਮਿਲਣ ਤੋਂ ਬਾਅਦ ਮਾਮਲੇ ਦੀ ਜਾਂਚ ਕਰ ਰਹੀ ਬ੍ਰਿਟਿਸ਼ ਪੁਲਸ ਨੇ ਕਤਲ ਦੇ ਸ਼ੱਕ ਵਿਚ ਉਸ ਦੇ ਭਾਰਤੀ ਮੂਲ ਦੇ ਪਤੀ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਸ਼ੱਕ ਹੈ ਕਿ ਦੋਸ਼ੀ ਇਸ ਮਹੀਨੇ ਦੇ ਸ਼ੁਰੂ ਵਿਚ ਆਪਣੀ ਪਤਨੀ ਹਰਸ਼ਿਤਾ ਬਰੇਲਾ ਦਾ ਕਤਲ ਕਰਨ ਤੋਂ ਬਾਅਦ ਦੇਸ਼ ਛੱਡ ਕੇ ਭੱਜ ਗਿਆ। ਨਾਰਥੈਂਪਟਨਸ਼ਾਇਰ ਪੁਲਸ ਵੱਲੋਂ ਐਤਵਾਰ ਨੂੰ ਜਾਰੀ ਕੀਤੇ ਗਏ ਇੱਕ ਤਾਜ਼ਾ ਬਿਆਨ ਵਿੱਚ, ਚੀਫ਼ ਇੰਸਪੈਕਟਰ ਪਾਲ ਕੈਸ਼ ਨੇ ਕਿਹਾ ਕਿ 60 ਤੋਂ ਵੱਧ ਜਾਸੂਸ ਇਸ ਮਾਮਲੇ 'ਤੇ ਕੰਮ ਕਰ ਰਹੇ ਹਨ ਅਤੇ ਪੁਲਸ ਨੇ ਦੋਸ਼ੀ ਪੰਕਜ ਲਾਂਬਾ ਦੀ ਤਸਵੀਰ ਜਾਰੀ ਕੀਤੀ ਹੈ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਸੂਚਨਾ ਮਿਲਣ 'ਤੇ ਜਾਣਕਾਰੀ ਦੇਣ ਦੀ ਅਪੀਲ ਕੀਤੀ ਹੈ।ਕੈਸ਼ ਨੇ ਕਿਹਾ, "ਪੁੱਛਗਿੱਛ ਤੋਂ ਬਾਅਦ ਸਾਨੂੰ ਸ਼ੱਕ ਹੈ ਕਿ ਹਰਸ਼ਿਤਾ ਦਾ ਕਤਲ ਉਸਦੇ ਪਤੀ ਪੰਕਜ ਲਾਂਬਾ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਨੌਰਥੈਂਪਟਨਸ਼ਾਇਰ ਵਿੱਚ ਕੀਤਾ ਸੀ।" ਇਸ ਤੋਂ ਪਹਿਲਾਂ, ਨੌਰਥੈਂਪਟਨਸ਼ਾਇਰ ਪੁਲਸ ਨੇ ਹਫਤੇ ਦੇ ਅੰਤ ਵਿੱਚ ਕਤਲ ਦੀ ਜਾਂਚ ਸ਼ੁਰੂ ਕਰਦੇ ਹੋਏ ਲੰਡਨ ਵਿੱਚ ਇੱਕ ਕਾਰ ਦੀ ਡਿੱਕੀ ਵਿੱਚੋਂ ਮਿਲੀ ਮ੍ਰਿਤਕ ਔਰਤਾ ਦਾ ਨਾਮ ਹਰਸ਼ਿਤਾ ਬਰੇਲਾ ਦੱਸਿਆ ਸੀ। ਪੁਲਸ ਨੇ ਦੱਸਿਆ ਕਿ ਵੀਰਵਾਰ ਸਵੇਰੇ ਪੂਰਬੀ ਲੰਡਨ ਦੇ ਇਲਫੋਰਡ ਇਲਾਕੇ 'ਚ ਬ੍ਰਿਸਬੇਨ ਰੋਡ 'ਤੇ ਇਕ ਵਾਹਨ ਦੀ ਡਿੱਕੀ ਦੇਅੰਦਰੋਂ ਪੀੜਤਾ ਦੀ ਲਾਸ਼ ਮਿਲੀ ਸੀ।ਸ਼ੁੱਕਰਵਾਰ ਨੂੰ 'ਲੈਸਟਰ ਰਾਇਲ ਇਨਫਰਮਰੀ' 'ਚ ਉਸ ਦਾ ਪੋਸਟਮਾਰਟਮ ਕੀਤਾ ਗਿਆ।ਈਸਟ ਮਿਡਲੈਂਡਜ਼ ਸਪੈਸ਼ਲ ਆਪ੍ਰੇਸ਼ਨ ਮੇਜਰ ਕ੍ਰਾਈਮ ਯੂਨਿਟ ਦੇ ਸੀਨੀਅਰ ਜਾਂਚ ਅਧਿਕਾਰੀ, ਡਿਟੈਕਟਿਵ ਚੀਫ਼ ਇੰਸਪੈਕਟਰ ਜੌਨੀ ਕੈਂਪਬੈਲ ਨੇ ਕਿਹਾ ਕਿ EMSOU ਅਤੇ ਨੌਰਥੈਂਪਟਨਸ਼ਾਇਰ ਪੁਲਸ ਦੇ ਜਾਸੂਸ ਔਰਤ ਦੀ ਮੌਤ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਦਿਨ-ਰਾਤ ਕੰਮ ਕਰ ਰਹੇ ਹਨ।

**ਕਾਰ ਦੀ ਡਿੱਕੀ 'ਚ ਮਿਲੀ ਲਾਪਤਾ ਹਰਸ਼ਿਤਾ ਦੀ ਲਾਸ਼, ਜਾਂਚ ਜਾਰੀ :** ਇੰਗਲੈਂਡ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਇੰਗਲੈਂਡ ਦੇ ਈਸਟ ਮਿਡਲੈਂਡਸ ਖੇਤਰ ਵਿੱਚ ਪੁਲਸ ਨੇ ਜਿਵੇਂ ਹੀ ਲਾਪਤਾ ਔਰਤ ਦੀ ਜਾਂਚ ਸ਼ੁਰੂ ਕੀਤੀ ਤਾਂ ਜਲਦ ਹੀ ਉਨ੍ਹਾਂ ਨੂੰ ਪੂਰਬੀ ਲੰਡਨ ਵਿੱਚ ਦੱਖਣੀ ਏਸ਼ੀਆਈ ਮੂਲ ਦੀ ਮੰਨੀ ਜਾਂਦੀ 24 ਸਾਲਾ ਔਰਤ ਦੀ ਲਾਸ਼ ਬਰਾਮਦ ਹੋਈ।ਮੰਨਿਆ ਜਾ ਰਿਹਾ ਹੈ ਕਿ ਕਾਰ ਦੀ ਡਿੱਕੀ ਵਿੱਚ ਉਸ ਦੀ ਹੱਤਿਆ ਕਰ ਦਿੱਤੀ ਗਈ। ਨੌਰਥੈਂਪਟਨਸ਼ਾਇਰ ਪੁਲਸ ਨੇ ਸ਼ਨੀਵਾਰ ਰਾਤ ਨੂੰ ਪੀੜਤਾ ਦਾ ਨਾਮ ਹਰਸ਼ਿਤਾ ਬ੍ਰੇਲਾ ਦੱਸਿਆ।ਉੱਧਰ ਫੋਰਸ ਨੇ ਕਤਲ ਦੀ ਜਾਂਚ ਸ਼ੁਰੂ ਕੀਤੀ ਅਤੇ ਮਾਮਲੇ ਸਬੰਧੀ ਜਾਣਕਾਰੀ ਰੱਖਣ ਵਾਲੇ ਨੂੰ ਅੱਗੇ ਆਉਣ ਦੀ ਅਪੀਲ ਕੀਤੀ।ਪੁਲਸ ਨੇ ਦੱਸਿਆ ਕਿ ਉਸਨੂੰ ਬੁੱਧਵਾਰ ਨੂੰ ਹਰਸ਼ਿਤਾ ਦੀ ਭਲਾਈ ਲਈ ਚਿੰਤਾਵਾਂ ਬਾਰੇ ਇੱਕ ਕਾਲ ਪ੍ਰਾਪਤ ਹੋਈ ਸੀ ਅਤੇ ਤੁਰੰਤ ਅਫਸਰਾਂ ਨੂੰ ਕੋਰਬੀ, ਨੌਰਥੈਂਪਟਨਸ਼ਾਇਰ ਵਿੱਚ ਸਕੈਗਨੈਸ ਵਾਕ ਵਿੱਚ ਉਸਦੇ ਘਰ ਦੇ ਪਤੇ 'ਤੇ ਤਾਇਨਾਤ ਕੀਤਾ ਗਿਆ।ਕੋਈ ਜਵਾਬ ਨਾ ਮਿਲਣ ਤੋਂ ਬਾਅਦ ਪੁਲਸ ਨੇ ਲਾਪਤਾ ਔਰਤ ਦੀ ਜਾਂਚ ਸ਼ੁਰੂ ਕੀਤੀ ਅਤੇ ਫਾਸਟ-ਟ੍ਰੈਕ ਪੁੱਛਗਿੱਛ ਕੀਤੀ, ਜਿਸ ਮਗਰੋਂ ਵੀਰਵਾਰ ਤੜਕੇ ਪੂਰਬੀ ਲੰਡਨ ਦੇ ਇਲਫੋਰਡ ਖੇਤਰ ਵਿੱਚ ਉਨ੍ਹਾਂ ਨੂੰ ਬ੍ਰਿਸਬੇਨ ਰੋਡ 'ਤੇ ਇੱਕ ਵਾਹਨ ਦੀ ਡਿੱਗੀ ਅੰਦਰ ਪੀੜਤਾ ਦੀ ਲਾਸ਼ ਮਿਲੀ। ਸ਼ੁੱਕਰਵਾਰ ਨੂੰ ਲੈਸਟਰ ਰਾਇਲ ਇਨਫਰਮਰੀ ਵਿੱਚ ਇੱਕ ਪੋਸਟਮਾਰਟਮ ਕਰਵਾਇਆ ਗਿਆ, ਜਿਸ ਵਿੱਚ ਪੀੜਤਾ ਦੀ ਪਛਾਣ ਹਰਸ਼ਿਤਾ ਬਰੇਲਾ ਵਜੋਂ ਕੀਤੀ ਗਈ, ਜਿਸਦਾ ਨਾਮ ਇੱਕ ਦੱਖਣੀ ਏਸ਼ੀਆਈ ਵਿਰਾਸਤ ਨੂੰ ਦਰਸਾਉਂਦਾ ਹੈ, ਪਰ ਪੁੱਛਗਿੱਛ ਦੇ ਇਸ ਪੜਾਅ 'ਤੇ ਉਸਦੇ ਪਰਿਵਾਰਕ ਪਿਛੋਕੜ ਦੀ ਕੋਈ ਹੋਰ ਪੁਸ਼ਟੀ ਨਹੀਂ ਹੋਈ।ਈਸਟ ਮਿਡਲੈਂਡਜ਼ ਸਪੈਸ਼ਲ ਆਪ੍ਰੇਸ਼ਨ ਮੇਜਰ ਕ੍ਰਾਈਮ ਯੂਨਿਟ ਦੇ ਸੀਨੀਅਰ ਜਾਂਚ ਅਧਿਕਾਰੀ, ਡਿਟੈਕਟਿਵ ਚੀਫ਼ ਇੰਸਪੈਕਟਰ ਜੌਨੀ ਕੈਂਪਬੈਲ ਨੇ ਕਿਹਾ, "ਉਹ ਹਰਸ਼ਿਤਾ ਬ੍ਰੇਲਾ ਨੂੰ ਪਿਆਰ ਕਰਨ ਵਾਲੇ ਹਰ ਵਿਅਕਤੀ ਲਈ ਦਿਲੀ ਹਮਦਰਦੀ ਪ੍ਰਗਟ ਕਰਨਾ ਚਾਹੁੰਦੇ ਹਨ।" ਜਾਂਚ ਅਧਿਕਾਰੀ ਨੇ ਕਿਹਾ,"ਉਹ ਇੱਕ ਜਵਾਨ ਔਰਤ ਸੀ ਜਿਸਦੀ ਪੂਰੀ ਜ਼ਿੰਦਗੀ ਉਸ ਦੇ ਅੱਗੇ ਸੀ।ਉਸ ਦੀ ਮੌਤ ਦੁਖਦਾਈ ਹੈ।" ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਹਰਸ਼ਿਤਾ ਦੀ ਹੱਤਿਆ ਇੱਕ "ਨਿਸ਼ਾਨਾਤਮਕ ਘਟਨਾ" ਹੈ।ਕੈਂਪਬੈਲ ਨੇ ਕਿਹਾ, "ਹਾਲਾਂਕਿ ਅਸੀਂ ਮੰਨਦੇ ਹਾਂ ਕਿ ਹਰਸ਼ਿਤਾ 'ਤੇ ਉਸ ਦੇ ਕਿਸੇ ਜਾਣਕਾਰ ਵਿਅਕਤੀ ਦੁਆਰਾ ਹਮਲਾ ਕੀਤਾ ਗਿਆ ਸੀ, ਫਿਰ ਵੀ ਅਸੀਂ ਇੱਕ ਖੁੱਲ੍ਹੇ ਦਿਮਾਗ ਨਾਲ ਕੰਮ ਕਰ ਰਹੇ ਹਾਂ।" ਪੁਲਸ ਨੇ ਕਿਹਾ ਕਿ ਅਧਿਕਾਰੀ ਇਸ ਗੱਲ ਤੋਂ ਸੰਤੁਸ਼ਟ ਹਨ ਕਿ ਇਸ ਘਟਨਾ ਦੇ ਨਤੀਜੇ ਵਜੋਂ ਜਨਤਾ ਲਈ ਕੋਈ ਵੱਡਾ ਖਤਰਾ ਨਹੀਂ ਹੈ। ਪੁਲਸ ਜਾਂਚਕਰਤਾ ਹੁਣ ਹਰਸ਼ਿਤਾ ਦੇ ਲੰਡਨ ਤੋਂ ਲਗਭਗ 145 ਕਿਲੋਮੀਟਰ ਉੱਤਰ ਵਿੱਚ ਕੋਰਬੀ ਵਿੱਚ ਆਪਣੇ ਘਰ ਤੋਂ ਲਾਪਤਾ ਹੋਣ ਅਤੇ ਕੁਝ ਦਿਨਾਂ ਬਾਅਦ ਯੂ.ਕੇ ਦੀ ਰਾਜਧਾਨੀ ਵਿੱਚ ਇੱਕ ਕਾਰ ਵਿੱਚ ਮ੍ਰਿਤਕ ਪਾਏ ਜਾਣ ਦੇ ਵਿਚਕਾਰ ਸਬੰਧ ਸਥਾਪਤ ਕਰਨ ਲਈ ਕੰਮ ਕਰ ਰਹੇ ਹਨ।

ੴ ਸਤਿਗੁਰ ਪ੍ਰਸਾਦਿ।

ਸਰਫੈ ਸਰਫੈ ਸਦਾ ਸਦਾ ਏਵੈ ਗਈ ਵਿਹਾਇ ॥
ਨਾਨਕ ਕਿਸਨੋ ਆਖੀਐ ਵਿਣੁ ਪੁਛਿਆ ਹੀ ਲੈ ਜਾਇ ॥੩੧॥



ਆਪ ਜੀ ਨੂੰ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ
ਸਾਡੇ ਸਤਿਕਾਰਯੋਗ

# ਸਰਦਾਰ ਹਰੀ ਸਿੰਘ

(ਸਪੁੱਤਰ ਜਥੇਦਾਰ ਹਰਬੰਸ ਸਿੰਘ)
ਵਾਸੀ ਭੌਏਵਾਲ, ਜਿਲ੍ਹਾ ਅੰਮ੍ਰਿਤਸਰ
ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ
ਮਿਤੀ 13 ਨਵੰਬਰ 2024 ਨੂੰ ਸਤਿਗੁਰ ਦੇ ਚਰਨ੍ਹਾਂ ਵਿੱਚ ਜਾ ਬਿਰਾਜੇ ਹਨ
ਸੋ ਉਹਨਾਂ ਦੀ ਆਤਮਿਕ ਸ਼ਾਤੀ ਲਈ ਆਪ ਜੀ ਨੇ ਉਹਨ੍ਹਾ ਦੇ ਪਾਠ ਦੇ ਭੋਗ ਦੀ

# ਅੰਤਿਮ ਅਰਦਾਸ

ਦਿਨ ਸ਼ੁੱਕਰਵਾਰ 22 ਨਵੰਬਰ 2024 ਨੂੰ
10 ਤੋਂ 01:00 ਵਜੇ ਤੱਕ ਦੁਪਹਿਰ

# ਗੁਰਦੁਆਰਾ ਸਿੰਘ ਸਭਾ ਸਾਹਿਬ

ਗਲੀ ਨੰ 6 ਪਿੰਡ ਭੌਏਵਾਲ, ਜਿਲ੍ਹਾ ਅੰਮ੍ਰਿਤਸਰ
ਵਿਖੇ ਸ਼ਾਮਿਲ ਹੋਣ ਦੀ ਕਿਰਪਾਲਤਾ ਕਰਨੀ ਜੀ।

ਦੁਖੀ ਹਿਰਦੇ – ਜੋਬਨਜੀਤ ਸਿੰਘ, ਭਾਈ ਮੇਜਰ ਸਿੰਘ ਪ੍ਰਧਾਨ
ਮੋ : 9463186297

ਆਵਾਜ਼ਿ ਕੌਮ AWAZE QAUM International Newspaper & WEB TV

### ਸੇਂਟ ਸੋਲਜ਼ਰ ਸਕੂਲ ਜੰਡਿਆਲਾ ਗੁਰੂ ਦੇ ਕਾਮਰਸ ਵਿਭਾਗ ਦੇ ਟੀਚਰ

# ਵਿਜੇ ਕੁਮਾਰ ਨੈਸ਼ਨਲ ਬੈਸਟ ਟੀਚਰ ਐਵਾਰਡ ਨਾਲ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਸਨਮਾਨਿਤ



**ਜੰਡਿਆਲਾ ਗੁਰੂ 20 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਸੇਂਟ ਸੋਲਜ਼ਰ ਈਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਬੱਚੇ ਜਿੱਥੇ ਪੜ੍ਹਾਈ ਵਿੱਚ, ਖੇਡਾਂ ਵਿੱਚ ਅਤੇ ਕਲਚਰਲ ਐਕਟੀਵਿਟੀਆਂ ਦੇ ਵਿੱਚ ਪੂਰੀ ਮਿਹਨਤ ਨਾਲ ਸਭ ਤੋਂ ਅੱਗੇ ਰਹਿੰਦੇ ਨੇ ਉਸ ਦੇ ਪਿੱਛੇ ਸਕੂਲ ਦੇ ਅਧਿਆਪਕਾਂ ਦੀ ਮਿਹਨਤ , ਲਗਨ ਅਤੇ ਬੱਚਿਆਂ ਪ੍ਰਤੀ ਡੈਡੀਕੇਸ਼ਨ ਹੈ ਅਤੇ ਜਦੋਂ ਅਧਿਆਪਕ ਦੀ ਮਿਹਨਤ ਨੂੰ ਬੂਰ ਪੈਂਦਾ ਤਾਂ ਉਹ ਸਭ ਤੋਂ ਮੋਹਰੇ ਹੋ ਕੇ ਵੱਡੇ ਵੱਡੇ ਅਵਾਰਡ ਹਾਸਲ ਕਰਦੇ ਨੇ ਇਸੇ ਤਹਿਤ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਆਫ ਪੰਜਾਬ (ਢਅਫ) ਵੱਲੋਂ ਨੈਸ਼ਨਲ ਅਵਾਰਡ ਸਮਾਰੋਹ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਕਰਵਾਇਆ ਗਿਆ। ਇਸ ਅਵਾਰਡ ਸਮਾਰੋਹ ਵਿੱਚ ਲਗਭਗ 1200 ਅਧਿਆਪਕਾਂ ਨੇ ਭਾਗ ਲਿਆ ਜਿਸ ਵਿੱਚ 208 ਅਧਿਆਪਕਾਂ ਨੂੰ ਸਲੈਕਟ ਕੀਤਾ ਗਿਆ। ਉਹਨਾਂ ਵਿੱਚੋਂ ਸੇਂਟ ਸੋਲਜ਼ਰ ਈਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਕਾਮਰਸ ਵਿਭਾਗ ਦੇ ਮੁਖੀ ਸ੍ਰੀ ਵਿਜੇ ਕੁਮਾਰ ਜੀ ਨੂੰ ਨੈਸ਼ਨਲ ਬੈਸਟ ਟੀਚਰ ਐਵਾਰਡ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸ ਵਾਰ ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਗੁਰਨਾਮ ਸਿੰਘ ਭੁੱਲਰ ਸਿੰਗਰ ਅਤੇ ਕੁਲਵੰਤ ਸਿੰਘ ਧਾਲੀਵਾਲ ਜੀ ਕੈਂਸਰ ਕੇਅਰ ਸੁਸਾਇਟੀ, ਜਗਜੀਤ ਸਿੰਘ ਧੂਰੀ ਜੀ ਪ੍ਰਧਾਨ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਪੰਜਾਬ ਅਤੇ ਹੋਰ ਮਹਾਨ ਸ਼ਖਸ਼ੀਅਤਾ ਸ਼ਾਮਿਲ ਹੋਈਆਂ। ਸ੍ਰੀ ਵਿਜੇ ਕੁਮਾਰ ਜੀ ਨੂੰ ਇਸ ਅਵਾਰਡ ਤਹਿਤ ਟਰੌਫੀ ਅਤੇ ਨੈਸ਼ਨਲ ਬੈਸਟ ਟੀਚਰ ਐਵਾਰਡ ਦਾ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਸ੍ਰੀ ਵਿਜੇ ਕੁਮਾਰ ਜੀ ਨੂੰ ਵਧਾਈ ਦਿੱਤੀ। ਅਤੇ ਉਨਾਂ ਦੀ ਬੱਚਿਆਂ ਪ੍ਰਤੀ ਡੈਡੀਕੇਸ਼ਨ ਅਤੇ ਉਹਨਾਂ ਦੇ ਬਿਹਤਰ ਨਤੀਜਿਆਂ ਦੀ ਸਰਾਹਨਾ ਕੀਤੀ ਅਤੇ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ, ਸ਼ਿਲਪਾ ਸ਼ਰਮਾ ਕੁਆਰੀਨੇਟਰ ਨਿਲਾਕਸ਼ੀ ਗੁਪਤਾ ਕੋਆਰਡੀਨੇਟਰ ਅਤੇ ਪ੍ਰਿਅੰਕਾ ਸ਼ਰਮਾ ਅਤੇ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

### ਇੰਡੀਅਨ ਸੋਸ਼ਲ ਵੈਲਫੇਅਰ ਸੁਸਾਇਟੀ ਨੇ

# ਵਹੀਕਲਾਂ ਤੇ ਲਾਏ ਮੁਫਤ ਰਿਫਲੈਕਟਰ

**ਫ਼ਿਰੋਜ਼ਪੁਰ, 20 ਨਵੰਬਰ (ਮਨੋਹਰ ਲਾਲ)** :— ਧੁੰਦ ਦੇ ਮੌਸਮ ਨੂੰ ਦੇਖਦਿਆਂ ਇੰਡੀਅਨ ਸੋਸ਼ਲ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਨੇ ਟਰੈਫਿਕ ਪੁਲਿਸ ਦੇ ਸਹਿਯੋਗ ਸਹਿਯੋਗ ਨਾਲ ਟ੍ਰੈਕਟਰ ਟਰਾਲੀਆਂ ਤੇ ਰਿਫਲੈਕਟਰ ਲਗਾਉਣ ਲਈ ਲਾਏ ਫਰੀ ਕੈਂਪ ਦੌਰਾਨ 100 ਤੋਂ ਵੱਧ ਟਰੈਕਟਰ—ਟਰਾਲੀਆਂ ਤੇ ਰਿਫਲੈਕਟਰ ਲਾਏ ਗਏ। ਨਾਲ ਟਰੈਕਟਰ—ਟਰਾਲੀਆਂ ਤੇ ਲਾਏ ਰਿਫਲੈਕਟਰ। ਫ਼ਿਰੋਜ਼ਪੁਰ ਦੇ ਚੌਂਕਾਂ ਵਿਚ ਮੁਫਤ ਰਿਫਲੈਕਟਰ ਲਾਉਣ ਦੇ ਕੈਂਪ ਦੌਰਾਨ ਸੁਸਾਇਟੀ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਸੰਧੂ, ਪੈਟਰਨ ਹਰਜੀਤ ਸਿੰਘ, ਡਾਕਟਰ ਸੰਤੋਸ਼ੀ, ਦਿਵਾਨ ਚੰਦ, ਜਸਬੀਰ ਸਿੰਘ, ਗੁਰਪ੍ਰੀਤ ਸਿੰਘ ਅਤੇ ਟਰੈਫਿਕ ਇੰਸਪੈਕਟਰ ਜਸਵਿੰਦਰ ਸਿੰਘ, ਟਰੈਫਿਕ ਇੰਚਾਰਜ ਬਚਿੱਤਰ ਸਿੰਘ ਅਤੇ ਹੋਰ ਮੁਲਾਜ਼ਮ ਹਾਜ਼ਰ ਸਨ। ਅੱਜ ਇੰਡੀਅਨ ਸੋਸ਼ਲ ਵੈਲਫੇਅਰ ਸੋਸਾਇਟੀ ਰਜਿ ਫਿਰੋਜ਼ਪੁਰ ਵੱਲੋਂ ਟਰੈਫਿਕ ਪੁਲਿਸ ਦੇ



ਗੱਲਬਾਤ ਕਰਦਿਆਂ ਸੁਸਾਇਟੀ ਆਗੂਆਂ ਨੇ ਦੱਸਿਆ ਕਿ ਧੁੰਦ ਦਾ ਮੌਸਮ ਸ਼ੁਰੂ ਹੋਣ ਕਰਕੇ ਕਈ ਵਾਹਨਾਂ ਦੇ ਪਿੱਛੇ ਲਾਈਟਾਂ ਨਹੀਂ ਹੁੰਦੀਆਂ ਹਨ ਅਤੇ ਧੁੰਦ ਵਿਚ ਜਾਂ ਰਾਤ ਦੇ ਸਮੇਂ ਵਾਹਨਾਂ ਦਾ ਖੜੇ ਹੋਣ ਕਰਕੇ ਜਾਂ ਚਲਦੇ ਹੋਏ ਵਾਹਨ ਚਾਲਕਾਂ ਨੂੰ ਪਤਾ ਨਹੀਂ ਚਲਦਾ ਪਰ ਰਿਫਲੈਕਟਰ ਲੱਗੇ ਹੋਣ ਤਾਂ ਲਾਈਟ ਪੈਣ ਤੇ ਰਿਫਲੈਕਟਰ ਚਮਕ ਪੈਂਦੇ ਹਨ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਹਰ ਸਾਲ ਰਿਫਲੈਕਟਰ ਲਗਾਉਣ ਦੀ ਅਤੇ ਟਰੈਫਿਕ ਸੈਮੀਨਾਰ ਲਗਾਉਣ ਦੀ ਸੇਵਾ ਕਰਦੀ ਆ ਰਹੀ ਹੈ।

# ਇੰਦਰਪ੍ਰੀਤ ਸਿੰਘ ਕੌਛੜ ਮਨੁੱਖੀ ਸੇਵਾਵਾਂ ਲਈ ਦੁਬਈ ਵਿਖੇ ਹੋਏ ਸਨਮਾਨਿਤ






**ਨਵੀਂ ਦਿੱਲੀ 20 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਗੁਰਦੁਆਰਾ ਕਮੇਟੀ ਦੇ ਨੌਜੁਆਨ ਮੈਂਬਰ ਅਤੇ ਸਮਾਜਿਕ ਕਾਰਕੁਨ ਇੰਦਰਪ੍ਰੀਤ ਸਿੰਘ ਮੌਂਟੀ ਕੌਛੜ ਨੂੰ ਉਨ੍ਹਾਂ ਵਲੋਂ ਮਨੁੱਖਤਾ ਦੀ ਕੀਤੀ ਜਾ ਰਹੀਆਂ ਸੇਵਾਵਾਂ ਬਦਲੇ ਇੰਟਰਨੈਸ਼ਨਲ ਪੱਧਰ ਤੇ ਸਨਮਾਨਿਤ ਕੀਤਾ ਗਿਆ ਹੈ । ਇਸ ਮੌਕੇ ਉਨ੍ਹਾਂ ਦੇ ਨਾਲ ਤਖਤ ਦਮਦਮਾ ਸਾਹਿਬ ਜੀ ਦੇ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ, ਆਪ ਦੇ ਐਮਐਲਏ ਅਤੇ ਪੰਜਾਬ ਪ੍ਰਭਾਰੀ ਜਰਨੈਲ ਸਿੰਘ ਅਤੇ ਹੋਰ ਕਈ ਸਖਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ ਸੀ ।ਮੀਡੀਆ ਨਾਲ ਗੱਲਬਾਤ ਕਰਦਿਆਂ ਇੰਦਰਪ੍ਰੀਤ ਸਿੰਘ ਨੇ ਦਸਿਆ ਕਿ ਦੁਬਈ ਦੀ ਇੰਟਰਨੈਸ਼ਨਲ ਸੰਸਥਾ ਵਲੋਂ ਮਨੁੱਖਤਾ ਦੀ ਸੇਵਾ ਕਰ ਰਹੇ ਵੱਖ ਵੱਖ ਖੇਤਰਾਂ ਦੇ ਲੋਕਾਂ ਦੇ ਕੰਮ ਉਤੇ ਨਜਰ ਰੱਖੀ ਜਾ ਰਹੀ ਹੋਣ ਕਰਕੇ ਉਨ੍ਹਾਂ ਨੂੰ ਸਾਡੇ ਬਾਰੇ ਪਤਾ ਲਗਿਆ ਉਪਰੰਤ ਉਨ੍ਹਾਂ ਨੇ ਸਾਡੇ ਨਾਲ ਸੰਪਰਕ ਕਰਕੇ ਸਾਨੂੰ ਦੁਬਈ ਬੁਲਾ ਕੇ ਸਨਮਾਨਿਤ ਕੀਤਾ ਹੈ । ਇਹ ਸਾਡੇ ਲਈ ਬਹੁਤ ਮਾਣ ਅਤੇ ਹੋਰ ਵੱਧ ਚੜ੍ਹ ਕੇ ਸੇਵਾ ਕਰਣ ਲਈ ਹੌਸਲਾ ਦੇਣ ਵਾਲੀ ਗੱਲ ਹੈ । ਇਸ ਮੌਕੇ ਸ਼ੇਖ ਅਬਦੁੱਲਾ, ਸ਼ੇਖ ਮੱਖਤੂਮ, ਸਰਦਾਰ ਐਸ ਪੀ ਸਿੰਘ ਓਬਰਾਏ, ਸਰਦਾਰ ਤਲਵਿੰਦਰ ਸਿੰਘ ਚੇਅਰਮੈਨ ਅਤੇ ਹੋਰ ਸਤਿਕਾਰਿਤ ਹਸਤੀਆਂ ਮੌਜੂਦ ਸਨ । ਉਨ੍ਹਾਂ ਕਿਹਾ ਕਿ ਦੁਬਈ ਨਿਵਾਸੀ ਸਰਦਾਰ ਮਨਜਿੰਦਰ ਸਿੰਘ ਅਤੇ ਸਰਦਾਰ ਜੋਗਿੰਦਰ ਸਿੰਘ ਜੀ ਦਾ ਉਚੇਚੇ ਤੌਰ ਤੇ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਦੁਬਈ ਸਰਕਾਰ ਅਤੇ ਸ਼ੇਖਾਂ ਨਾਲ ਮਿਲਵਰਤਣ ਰਾਹੀਂ ਇਹ ਉਪਰਾਲਾ ਕੀਤਾ ਹੈ ।

# ਐਮਪੀ ਦੇ ਸ਼ਿਡੌਲ ਵਿਖੇ ਗੁਰੂ ਨਾਨਕ ਦੇਵ ਜੀ ਦਾ ਸਵਰੂਪ ਧਰਨ ਦੀ ਸਖ਼ਤ ਨਿੰਦਾ, ਪੰਥਕ ਮਰਿਆਦਾ ਅਨੁਸਾਰ ਦਿੱਤੀ ਜਾਏ ਸਜ਼ਾ: ਅਖੰਡ ਕੀਰਤਨੀ ਜੱਥਾ ਦਿੱਲੀ

## ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸੰਬੰਧਿਤ ਵਿਸ਼ੇਸ਼ ਕੀਰਤਨ ਅਖਾੜੇ ਸਜਾਏ ਗਏ



ਨਵੀਂ ਦਿੱਲੀ 20 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਪੰਥ ਦੀ ਸਿਰਮੌਰ ਜੱਥੇਬੰਦੀ ਅਖੰਡ ਕੀਰਤਨੀ ਜੱਥਾ ਦੀ ਦਿੱਲੀ ਇਕਾਈ ਵਲੋਂ ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸੰਬੰਧਿਤ ਦਿੱਲੀ ਦੇ ਇਤਿਹਾਸਿਕ ਗੁਰੂਦੁਆਰਾ ਸੀਸ ਗੰਜ ਸਾਹਿਬ ਵਿਖੇ ਵਿਸ਼ੇਸ਼ ਕੀਰਤਨੀ ਅਖਾੜੇ ਸਜਾਏ ਗਏ । ਇਸ ਮੌਕੇ ਭਾਈ ਇੰਦਰਪ੍ਰੀਤ ਸਿੰਘ ਪਾਣੀਪਤ, ਬੀਬੀ ਜਪਨੀਤ ਕੌਰ ਫਰੀਦਾਬਾਦ, ਭਾਈ ਗੁਰਸ਼ਰਨ ਸਿੰਘ ਫਰੀਦਾਬਾਦ, ਭਾਈ ਪ੍ਰਿਤਪਾਲ ਸਿੰਘ ਅਸਟ੍ਰੇਲੀਆ ਸਮੇਤ ਹੋਰ ਕੀਰਤਨੀਆਂ ਨੇ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਸੀ । ਜੱਥੇ ਦੇ ਮੁੱਖ ਸੇਵਾਦਾਰ ਭਾਈ ਅਰਵਿੰਦਰ ਸਿੰਘ ਰਾਜਾ, ਭਾਈ ਹਰਜਿੰਦਰ ਸਿੰਘ, ਭਾਈ ਅਰੁਣਪਾਲ ਸਿੰਘ ਅਤੇ ਹੋਰ ਸਿੰਘਾਂ ਨੇ ਬੀਤੇ ਦਿਨੀਂ ਵਾਇਰਲ ਹੋਈ ਵੀਡੀਓ ਜਿਸ ਵਿਚ ਇਕ ਆਮ ਇਨਸਾਨ ਨੂੰ ਪਹਿਲੀ ਪਾਤਸ਼ਾਹੀ ਗੁਰੂ ਨਾਨਕ ਦੇਵ ਜੀ ਸਵਰੂਪ ਧਰਨ ਅਤੇ ਕੁਰਸੀ ਤੇ ਬਿਠਾਇਆ ਦੇਖਣ ਨੂੰ ਮਿਲੀ ਸੀ, ਬਾਰੇ ਕਿਹਾ ਕਿ ਇਹ ਜਾਣਬੁਝ ਕੇ ਸਿੱਖ ਕੌਮ ਦੀ ਭਾਵਨਾਵਾਂ ਨਾਲ ਖਿਲਵਾੜ ਕਰਣ ਦੇ ਕੰਮ ਹਨ, ਜਿਸਦੀ ਸਖ਼ਤ ਨਿਖੇਧੀ ਕੀਤੀ ਜਾਂਦੀ ਹੈ ਅਤੇ ਪੰਥਕ ਜਥੇਬੰਦੀਆਂ ਨੂੰ ਇਸ ਦਾ ਸਖ਼ਤ ਨੌਟਿਸ ਲੈਣਾ ਚਾਹੀਦਾ ਹੈ । ਉਨ੍ਹਾਂ ਦਸਿਆ ਕਿ ਦਸਮ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਚਵਰ ਤਖਤ ਦੇ ਮਾਲਕ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਤਾ ਗੱਦੀ ਸੌਂਪ ਕੇ ਦੇਹਧਾਰੀ ਪ੍ਰਥਾ ਖ਼ਤਮ ਕਰ ਦਿੱਤੀ ਸੀ । ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਾਜਿਰ ਨਾਜ਼ੀਰ ਗੁਰੂ ਹਨ ਤੇ ਕੌਈ ਵੀ ਮਨੁੱਖ ਉਨ੍ਹਾਂ ਦਾ ਸਵਰੂਪ ਨਹੀਂ ਰਚ ਸਕਦਾ ਹੈ । ਅਸੀ ਸਮੂਹ ਬਿਪ੍ਰਵਾਦੀ ਤਾਕਤਾਂ ਨੂੰ ਚੇਤਾਵਨੀ ਦੇਂਦੇ ਹਾਂ ਕਿ ਸਿੱਖਾਂ ਦੀ ਭਾਵਨਾਵਾਂ ਨਾਲ ਖਿਲਵਾੜ ਕਰਨਾ ਬੰਦ ਕਰੋ, ਖਾਲਸਾ ਪੰਥ "ਜਬੈ ਬਾਣ ਲਾਗਿਓ ਤਬੈ ਰੋਸ ਜਾਗਿਓ" ਤੇ ਪਹਿਰਾ ਦੇਣਾ ਜਾਣਦਾ ਹੈ । ਸਾਡੀ ਸਮੂਹ ਪੰਥ ਨੂੰ ਅਪੀਲ ਹੈ ਕਿ ਇਸਦਾ ਵੱਧ ਤੋਂ ਵੱਧ ਵਿਰੋਧ ਕਰਣ ਦੇ ਨਾਲ ਪੰਥਕ ਮਰਿਆਦਾ ਅਨੁਸਾਰ ਇੰਨ੍ਹਾ ਸ਼ਰਾਰਤੀ ਤੱਤਾਂ ਨੂੰ ਸਜ਼ਾ ਦੇਣ ਦਾ ਉਪਰਾਲਾ ਕੀਤਾ ਜਾਣਾ ਚਾਹੀਦਾ ਹੈ ਜਿਸ ਨਾਲ ਕੌਈ ਵੀ ਪੰਥ ਦੀ ਭਾਵਨਾਵਾਂ ਨਾਲ ਛੇੜਖਾਣੀ ਨਾ ਕਰ ਸਕੇ ।

## ਆਓ ਗੁਰੂ ਤੇਗ ਬਹਾਦਰ ਹਿੰਦ ਦੀ ਚਾਦਰ ਜੀ ਦੇ ਸੁਪਨਿਆਂ ਦੀ ਦੁਨਿਆ ਉਸਾਰਣ ਲਈ ਯਤਨ ਕਰੀਏ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 20 ਨਵੰਬਰ (ਮਨੋਹਰ ਲਾਲ):— ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ, ਧਾਰਮਿਕ, ਸਮਾਜਿਕ, ਖੁਸ਼ੀ ਗਮੀ ਮੌਕੇ ਸਮਾਜ ਸੇਵਕ, ਸੇਵਾ ਮੁਕਤ ਮਾਸ ਮੀਡੀਆ ਅਫਸਰ ਸੀਨੀਅਰ ਸਿਟੀਜਨ ਸਮਾਜ ਸੁਧਾਰਕ, ਦੇਸ਼ ਦੀ ਏਕਤਾ, ਅਖੰਡਤਾ, ਭਾਈਚਾਰਾ ਜ਼ੋ ਅੱਜ ਅਲੋਪ ਹੋ ਰਿਹਾ 1526 ਵਰਗੇ ਪਾਪ ਕੀ ਜੰਞ ਲੈ ਕਾਬਲੋ ਪਾਇਆ ਜ਼ੋ ਹੀ ਮੰਗੇ ਦਾਨ ਵੇ ਲਾਲੋ, ਰਾਜੇ ਮੀਹ ਮੁਕੰਦਮ ਕੁੱਤੇ, ਧਰਮ ਦੇ ਨਾਮ ਤੇ ਹੋ ਰਹੇ ਜੁਲਮ ਸਾਡੇ ਸਮਾਜ ਧਰਮ ਦੀ ਰਾਣੀ ਹੋਈ ਜੁਲਮ ਗਊ ਗਰੀਬ ਇਸਤਰੀ, ਜਾਤੀ, ਪ੍ਰਭੂ ਖੁਦ ਬਾਬੇ ਨਾਨਕ ਦੇ ਰੂਪ ਵਿਚ ਅਵਤਾਰ ਧਾਰਨ ਕਰਅ ਾਏ, ਇਨ੍ਹਾਂ ਨੂੰ ਵੀ ਜੇਲਾਂ ਵਿਚ ਸੱਚ ਨੂੰ ਆਂਚ ਨਹੀਂ ਅਵਰ ਅੱਲਾ ਨੂਰ ਉਪਾਇਆ ਕੁਦਰਤ ਦੇ ਸਭ ਬੰਦੇ ਨਾ ਮੈਂ ਮੁਸਲਿਮ ਨਾ ਹਿੰਦੂ ਕੋਈ ਸ਼ੁਭਕਰਮਾ ਬਾਜੋ ਦੇਵੋ ਨੋਇ ਕਰਣ ਦੇ ਬਾਵਜੂਦ ਇਨ੍ਹਾਂ ਸੀਸ਼ ਕੁੱਤਿਆ ਰਾਜਿਆ ਉਨ੍ਹਾਂ ਮੁਕਦਮ ਕੁਤਿਆਂ ਜੁਲਮ ਹੀ ਨਹੀਂ ਧਰਮ ਪ੍ਰਵਰਤਿਤ ਦੇ ਨਾਮ ਤੇ ਸਾਡੀ ਇਜਤਾਂ ਵੀ ਕਾਬਲ ਲਿਜਾ ਲਿਜਾ ਸਾਡੀਆਂ ਬਹੂਆਂ ਬੇਟੀਆਂ, ਭੈਣਾਂ ਨੂੰ ਟੱਕੇ—ਟੱਕੇ ਬੇਚ ਨੀਚਾਂ ਤੋਂ ਵੀ ਅੱਤ ਨੀਚ ਕੰਮ ਕੀਤੀ, ਜਿਨ੍ਹਾਂ ਦਾ ਟਾਕਰਾ ਸਾਡੇ ਮਹਾਂਪੁਰਸ਼ਾਂ ਜਾਨਾਂ ਤੇ ਤਸੀਹੇ ਸਹਿ—ਸਹਿ ਚਕੀਆਂ, ਪੀਠੀਆਂ ਜੇਲ੍ਹਾਂ ਵਿਚ ਤਤੀਆਂ ਲੋਹਾਂ ਤੇ ਬੈਠੇ, ਮੀਰੀ ਪੀਰੀ ਦੋ ਤਲਵਾਰਾਂ ਇਸ ਮਾਲਾ ਦੇ ਨਾਲ ਰਖੀਆਂ, ਚਾਦਨੀ ਚੌਂਕ ਸੀਸ ਦਿੱਤਾ, ਬੱਚਿਆਂ ਨੂੰ ਨੀਹਾਂ ਵਿਚ ਚੁਨਾਇਆ, ਜੰਗ ਵਿਚ ਸ਼ਹੀਦ ਹੋਏ ਜੰਗਲਾਂ ਵਿਚ ਨੰਗੇ ਪੈਰੀ ਮਾਛੀਵਾੜੇ ਪਰਿਵਾਰ ਪੂਰੇ ਦਾ ਪੂਰਾ ਸ਼ਹੀਦ, ਇਸ ਤੋਂ ਹੋਰ ਅਨੇਕਾਂ ਇਥੋਂ ਭਾਰਤ ਦੀ ਵੰਡ ਲੱਖਾਂ ਦੀ ਗਿਣਤੀ ਵਿਚ ਸ਼ਹੀਦ ਹੀ ਨਹੀਂ ਬਹੁ ਬੇਟੀਆਂ ਦੀ ਇਜਤ ਲੁਟੀ ਜ਼ੋ ਲੱਖਾਂ ਦੀ ਗਿਣਤੀ ਵਿਚ ਮਹਾਤਮਾ ਗਾਂਧੀ ਵੀ ਸ਼ਹੀਦੀ ਵੀ ਇਹੀ ਕਾਰਨ ਦੋਨੋਂ ਦੇਸ਼ਾਂ ਇਛਾ ਮੁਤਾਬਿਕ ਜਿਥੇ ਰਹਿਣਾ ਚਾਹੇ ਰਹਿ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਧੰਨ ਧੰਨ ਮਾਤਾ ਗੁਜਰ ਕੌਰ ਜੀ ਦੇ 400ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
400ਸਾਲਾ ਜਨਮ ਸ਼ਤਾਬਦੀ ਸਮਾਗਮ
ਮਿਤੀ 22 ਨਵੰਬਰ 2024 ਨੂੰ ਗੁਰਦੁਆਰਾ ਲਖਨੌਰ ਸਾਹਿਬ ਪਾਤਸ਼ਾਹੀ 10ਵੀਂ ਅੰਬਾਲਾ ਵਿਖੇ
ਸਮਾਂ ਸਵੇਰੇ 9 ਵਜੇ ਤੋਂ ਦੁਪਹਿਰ 3 ਵਜੇ ਤੱਕ
ਪੁੱਜ ਰਹੇ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਜੱਥੇ
ਪ੍ਰਸਿੱਧ ਕੀਰਤਨੀਏ ਭਾਈ ਅਰਵਿੰਦਰ ਸਿੰਘ ਨੂਰ ਹਜ਼ੂਰੀ ਰਾਗੀ ਸਚਖੰਡ ਸ੍ਰੀ ਦਰਬਾਰ ਸਾਹਿਬ
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁ:ਦਾਦੂ ਸਾਹਿਬ
ਭਾਈ ਰਣਜੀਤ ਸਿੰਘ ਜੀ ਪ੍ਰਚਾਰਕ HSGMC
ਭਾਈ ਅੰਮ੍ਰਿਤ ਸਿੰਘ ਜੀ ਹਜ਼ੂਰੀ ਰਾਗੀ ਗੁ: ਲਖਨੌਰ ਸਾਹਿਬ
ਪ੍ਰਸਿੱਧ ਢਾਡੀ ਜੱਥਾ ਭਾਈ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ
ਸਰਬੱਤ ਸੰਗਤਾਂ ਵਹੀਰਾਂ ਘੱਤ ਕੇ ਪੁੱਜੋ ਅਤੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ,ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ HSGMC




ਧੰਨ ਧੰਨ ਮਾਤਾ ਗੁਜਰ ਕੌਰ ਜੀ ਦੇ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
400 ਸਾਲਾ ਜਨਮ ਸ਼ਤਾਬਦੀ ਸਮਾਗਮ
ਮਿਤੀ- 22 ਨਵੰਬਰ 2024 ਨੂੰ ਸਮਾਂ ਸਵੇਰੇ 09 ਵਜੇ ਤੋਂ ਸ਼ਾਮ 03 ਵਜੇ ਤੱਕ
ਗੁਰਦੁਆਰਾ ਲਖਨੌਰ ਸਾਹਿਬ ਪਾਤਸ਼ਾਹੀ ੧੦ਵੀਂ ਅੰਬਾਲਾ ਵਿਖੇ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ,HSGMC
ਸ.ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ
ਬੀਬੀ ਰਵਿੰਦਰ ਕੌਰ ਅਜਰਾਣਾ ਜੂਨੀਅਰ ਮੀਤ ਪ੍ਰਧਾਨ
ਸ.ਗੁਲਾਬ ਸਿੰਘ ਮੂਣਕ ਮੀਤ ਸਕੱਤਰ
ਸ.ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ,ਧਰਮ ਪ੍ਰਚਾਰ HSGMC
ਬੀਬੀ ਪਰਮਿੰਦਰ ਕੌਰ ਜੀਂਦ ਅੰਤ੍ਰਿੰਗ ਮੈਂਬਰ
ਸ. ਗੁਰਪ੍ਰਸਾਦ ਸਿੰਘ ਫਰੀਦਾਬਾਦ ਅੰਤ੍ਰਿੰਗ ਮੈਂਬਰ
ਸ.ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ
ਸ. ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ
ਸ. ਪਰਮਜੀਤ ਸਿੰਘ ਕੁਰੂਕਸ਼ੇਤਰ ਅੰਤ੍ਰਿੰਗ ਮੈਂਬਰ
ਸ. ਰਾਜਿੰਦਰ ਸਿੰਘ ਭੂਲਿਆਣਾ ਮੈਂਬਰ
ਸ. ਇੰਦਰਜੀਤ ਸਿੰਘ ਸਾਹਾ ਮੈਂਬਰ
ਸ. ਹਰਪਾਲ ਸਿੰਘ ਅੰਬਾਲਾ ਮੈਂਬਰ
ਕੈਪਟਨ ਦਿਲਬਾਗ ਸਿੰਘ ਅੰਬਾਲਾ ਮੈਂਬਰ
ਸਰਬੱਤ ਸੰਗਤਾਂ ਵਹੀਰਾਂ ਘੱਟ ਕੇ ਪੁੱਜੋ ਅਤੇ ਗੁਰੂ ਕੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੂੰਹ ਅਹੁਦੇਦਾਰ ਮੈਂਬਰ ਸਾਹਿਬਾਨ ਸਟਾਫ ਅਤੇ ਸਾਧ ਸੰਗਤ

### ਨਾਨਕ ਸਾਈਂ ਫਾਊਂਡੇਸ਼ਨ ਦੀ ਸੰਤ ਨਾਮਦੇਵ ਘੁੰਮਣ ਯਾਤਰਾ

# ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ



**ਚੌਕ ਮਹਿਤਾ, 20 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨਾਨਕ ਸਾਈਂ ਫਾਊਂਡੇਸ਼ਨ ਦੇ ਹਜ਼ੂਰ ਸਾਹਿਬ ਨਾਂਦੇੜ ਤੋਂ ਸ਼ੁਰੂ ਹੋਈ ਸੰਤ ਨਾਮਦੇਵ ਘੁੰਮਣ ਯਾਤਰਾ ਬੁੱਧਵਾਰ ਨੂੰ ਅੰਮ੍ਰਿਤਸਰ ਪਹੁੰਚੀ ਸ਼ੋਭਾ ਯਾਤਰਾ ਸਾਰਾਗੜ੍ਹੀ ਚੌਕ ਤੋਂ ਕੱਢੀ ਗਈ। ਯਾਤਰਾ ਨੇ ਹਰਿਮੰਦਰ ਸਾਹਿਬ ਜਾ ਕੇ ਮੱਥਾ ਟੇਕਿਆ ਇਸ ਯਾਤਰਾ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਵਾਗਤ ਕੀਤਾ ਗਿਆ। ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਪਟਿਆਲਾ ਵਿਖੇ ਹੋਏ ਰਿਸੈਪਸ਼ਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਮਾਤਾ ਸ੍ਰੀਮਤੀ ਹਰਪਾਲ ਕੌਰ ਵੀ ਮੌਜੂਦ ਸਨ। ਪੰਜਾਬ ਅਤੇ ਮਹਾਰਾਸ਼ਟਰ ਵਿੱਚ ਭਾਈਚਾਰਕ ਸਾਂਝ ਪੈਦਾ ਕਰਨ ਵਿੱਚ ਸਫਲ ਰਹੀ ਨਾਨਕ ਸਾਈਂ ਫਾਊਂਡੇਸ਼ਨ ਦੀ 10ਵੀਂ ਸੰਤ ਨਾਮਦੇਵ ਘੁੰਮਣ ਸਦਭਾਵਨਾ ਯਾਤਰਾ 25 ਨਵੰਬਰ ਤੱਕ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਦੌਰੇ 'ਤੇ ਰਹੇਗੀ। ਇਹ ਯਾਤਰਾ ਦਾ 10ਵਾਂ ਸਾਲ ਹੈ ਅਤੇ ਮਰਾਠੀ ਲੋਕਾਂ ਨੇ ਯਾਤਰਾ ਰਾਹੀਂ ਪੰਜਾਬ-ਹਰਿਆਣਾ-ਹਿਮਾਚਲ ਪ੍ਰਦੇਸ਼ ਦੇ ਧਾਰਮਿਕ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਦੇ ਨਾਲ ਸੈਰ-ਸਪਾਟੇ ਦੇ ਵਿਲੱਖਣ ਸੁਮੇਲ ਨੂੰ ਪਸੰਦ ਕੀਤਾ ਹੈ। ਇਹ ਯਾਤਰਾ ਸੰਤ ਬਾਬਾ ਨਰਿੰਦਰ ਸਿੰਘ ਜੀ ਅਤੇ ਨਾਂਦੇੜ ਦੇ ਲੰਗਰ ਸਾਹਿਬ ਗੁਰਦੁਆਰੇ ਦੇ ਮੁਖੀ ਸੰਤ ਬਾਬਾ ਬਲਵਿੰਦਰ ਸਿੰਘ ਜੀ ਦੇ ਆਸ਼ੀਰਵਾਦ ਨਾਲ ਆਯੋਜਿਤ ਕੀਤੀ ਜਾਂਦੀ ਹੈ। ਨਾਨਕ ਸਾਈਂ ਫਾਊਂਡੇਸ਼ਨ ਦੇ ਮੁਖੀ ਪੰਧਰੀਨਾਥ ਬੋਕਰੇ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦਾ ਸਹਿਯੋਗ ਲਈ ਧੰਨਵਾਦ ਕੀਤਾ। ਇਹ ਯਾਤਰਾ ਬੋਕਰੇ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ ਹੈ। ਇਹ ਪਰਿਵਾਰਕ ਯਾਤਰਾ ਹਰ ਸਾਲ ਸੰਤ ਨਾਮਦੇਵ ਮਹਾਰਾਜ ਦੇ ਜਨਮ ਦਿਵਸ ਨੂੰ ਮਨਾਉਣ ਲਈ ਪੰਜਾਬ-ਹਰਿਆਣਾ-ਹਿਮਾਚਲ ਪ੍ਰਦੇਸ਼ ਦੀ ਪਵਿੱਤਰ ਧਰਤੀ 'ਤੇ ਜਾਣ ਲਈ ਆਯੋਜਿਤ ਕੀਤੀ ਜਾਂਦੀ ਹੈ। ਮਾਤਾ ਨੈਣਾ ਦੇਵੀ ਨੇ ਆਨੰਦਪੁਰ ਸਾਹਿਬ ਦਾ ਦੌਰਾ ਕੀਤਾ ਅਤੇ ਭਾਖੜਾ ਨੰਗਲਾ ਡੈਮ ਦਾ ਦੌਰਾ ਕੀਤਾ। ਇਹ ਯਾਤਰਾ ਸੰਤ ਨਾਮਦੇਵ ਮਹਾਰਾਜ ਦੀ ਕਰਮਭੂਮੀ ਘੁੰਮਣ ਦੇ ਦਰਸ਼ਨ ਕਰਨ ਤੋਂ ਬਾਅਦ ਅੰਮ੍ਰਿਤਸਰ ਪਹੁੰਚੀ ਹੈ। ਸ਼ਰਧਾਲੂਆਂ ਨੇ ਅੰਮ੍ਰਿਤਸਰ ਦੇ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਬੋਕਰੇ ਨੇ ਹਰ ਮੰਦਰ ਨੂੰ ਸਵਰਗ ਵਿੱਚ ਸੁੰਦਰ ਦੱਸਿਆ 125 ਤੀਰਥ ਯਾਤਰੀਆਂ ਨੇ ਹਿੱਸਾ ਲਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਨੇਜਰ ਸਰਦਾਰ ਸਤਨਾਮ ਸਿੰਘ ਰਿਆਦ ਅਤੇ ਗੁਰਤਿੰਦਰ ਸਿੰਘ ਵੱਲੋਂ ਨਾਨਕ ਸਾਈਂ ਫਾਊਂਡੇਸ਼ਨ ਦੇ ਮੁਖੀ ਪੰਧਰੀਨਾਥ ਬੋਕਰੇ, ਸਕੱਤਰ ਪ੍ਰਫੁੱਲ ਬੋਕਰੇ, ਚਰਨ ਸਿੰਘ ਪਵਾਰ, ਕ੍ਰਿਸ਼ਨਪ੍ਰਕਾਸ਼ ਦਰਕ, ਪੁੰਡਲਿਕ ਬੇਲਕਰ, ਸਰਦਾਰ ਮਹਿੰਦਰ ਸਿੰਘ ਪੈਦਲ, ਵੈਂਕਟਰਾਓ ਟੇਕਾਲੇ, ਦੇਵੀਦਾਸ ਬੋਕਰੇ, ਵਿਸ਼ਵਜੀਤ ਭਾਵੇ, ਸੰਜੇ ਕਦਮ, ਸ਼੍ਰੇਅਸ ਕੁਮਾਰ ਬੋਕਰੇ, ਗੋਵਿੰਦ ਰਾਊਤ, ਸੁਨੀਲ ਕੁਲਕਰਨੀ, ਚੰਦਰਕਾਂਤ ਪਵਾਰ, ਚੰਦਰਕਾਂਤ ਪਵਾਰ, ਸ਼ਿਲਪਾ ਅਟਕਾਲੀਕਰ, ਕਮਲਬਾਈ ਜਾਧਵ, ਗੋਦਾਵਰੀ ਜਾਧਵ, ਸਚਿਨ ਸ਼ਿੰਗਾਰੇ, ਪ੍ਰਮੋਦ ਸ਼ਿਰਪੁਰਕਰ ਨੂੰ ਸਨਮਾਨਿਤ ਕੀਤਾ ਗਿਆ। ਇਹ ਯਾਤਰਾ ਅੱਜ 21 ਨਵੰਬਰ ਨੂੰ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀਵਾਲੇ ਵਾਲਿਆਂ ਦੇ ਡੇਰੇ ਵਿਖੇ ਨਤਮਸਤਕ ਹੋਵੇਗੀ ਅਤੇ ਸੰਤ ਮਹਾਂਪੁਰਸ਼ ਦਾ ਆਸ਼ੀਰਵਾਦ ਪ੍ਰਾਪਤ ਕਰੇਗੀ। ਨਾਨਕ ਸਾਈਂ ਫਾਊਂਡੇਸ਼ਨ ਦੇ ਮੁਖੀ ਪੰਧਰੀਨਾਥ ਬੋਕਾਰੇ ਨੇ ਦੱਸਿਆ ਕਿ ਇਸ ਤੋਂ ਬਾਅਦ ਉਹ ਗੋਵਿੰਦਵਾਲ ਸਾਹਿਬ ਜਾਣਗੇ।

# ਪਰਭਾਤ ਫੇਰੀ ਦਾ ਸੰਗਤਾ ਵੱਲੋਂ ਕੀਤਾ ਨਿੱਘਾ ਸਵਾਗਤ



**ਚੌਕ ਮਹਿਤਾ20 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਸਿੰਘਾਂ ਪਿੰਡ ਮਾਹਲ ਆਰੰਭ ਹੋਈ ਪ੍ਰਭਾਤ ਫੇਰੀ ਦਾ ਸਮੂਹ ਸਾਧ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਇਸ ਮੌਕੇ ਮੈਂਬਰ ਪੰਚਾਇਤ ਵਾਰਡ ਨੰਬਰ ਇੱਕ ਨੀਤੂ ਪਤਨੀ ਹਰਜੀਤ ਸਿੰਘ ਵੱਲੋਂ ਆਈਆਂ ਸੰਗਤਾਂ ਨੂੰ ਜੀ ਆਇਆ ਕਿਹਾ ਅਤੇ ਸਨਮਾਨਿਤ ਵੀ ਕੀਤਾ ਗਿਆ ਬਾਬਾ ਜੀਵਨ ਸਿੰਘ ਨਗਰ ਸਰਪੰਚ ਜੀਤੂ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਇਸ ਮੌਕੇ ਪੰਚ ਕੁਲਵੰਤ ਕੌਰ ਵਾਰਡ ਨੰਬਰ ਦੋ ਪੰਚ ਸੁਲੱਖਣ ਸਿੰਘ ਵਾਰਡ ਨੰਬਰ ਤਿੰਨ ਪੰਚ ਅਮਰਜੀਤ ਸਿੰਘ ਪੰਚ ਜਸਵੀਰ ਕੌਰ ਵਾਰਡ ਨੰਬਰ ਸੱਤ ਸਮੇਤ ਸੇਵਾਦਾਰ ਬਖਸ਼ੀਸ਼ ਸਿੰਘ ਸੁਰਜੀਤ ਸਿੰਘ ਭਲਵਾਨ ਬਲਜਿੰਦਰ ਸਿੰਘ ਬਾਊ ਪੰਨਾ ਲਾਲ ਆਦਿ ਹਾਜ਼ਰ ਸਨ।

### 71 ਵਾਂ ਸਹਿਕਾਰਤਾ ਸਪਤਾਹ ਸਮਾਗਮ

# ਮੁੱਛਲ ਸਹਿਕਾਰੀ ਖੇਤੀਬਾੜੀ ਸਭਾ ਵਿਖੇ ਕਰਵਾਇਆ



**ਮਹਿਤਾ ਚੌਕ 20 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਤੇ ਅਮਲ ਕਰਦੇ ਹੋਏ ਗੁਰਯਾਦਵਿੰਦਰ ਸਿੰਘ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਬਾਬਾ ਬਕਾਲਾ ਸਾਹਿਬ ਦੀ ਯੋਗ ਅਗਵਾਈ ਹੇਠ 71 ਵਾਂ ਸਹਿਕਾਰਤਾ ਸਪਤਾਹ ਸਬੰਧੀ ਸਮਾਗਮ ਦੀ ਮੁੱਛਲ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮਿਟਡ ਵਿਖੇ ਕਰਵਾਇਆ ਗਿਆ ਇਸ ਮੌਕੇ ਇੰਸਪੈਕਟਰ ਨੇਹਾ ਕੱਟੜ, ਇੰਸਪੈਕਟਰ ਅਭਿਨੰਦਨ ਸ਼ਰਮਾ ਜੀ ਨੇ ਆਪਣੀ ਸੰਬੋਧਨ ਵਿੱਚ ਕਿਹਾ ਕਿ ਹਰ ਸਾਲ ਸਹਿਕਾਰਤਾ ਸਪਤਾਹ ਮਨਾਉਣ ਦਾ ਉਦੇਸ਼ ਸਹਿਕਾਰੀ ਵਿਭਾਗਾਂ ਦੀਆਂ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਲੋਕਾਂ ਨੂੰ ਸਹਿਕਾਰਤਾ ਨਾਲ ਜੋੜਨ ਦੇ ਇੱਕ ਕੜੀ ਦੇ ਤੌਰ ਤੇ ਇਸ ਤਰ੍ਹਾਂ ਦੇ ਸਮਾਗਮ ਕਰਵਾਏ ਜਾਂਦੇ ਹਨ। ਜਿਸ ਦਾ ਸਾਰੇ ਕਿਸਾਨ ਭਰਾਵਾਂ ਨੂੰ ਪੂਰਾ ਪੂਰਾ ਲਾਭ ਲੈਣਾ ਚਾਹੀਦਾ ਹੈ। ਉਨ੍ਹਾਂ ਸਮਾਗਮ ਵਿੱਚ ਸ਼ਾਮਿਲ ਕਿਸਾਨਾਂ ਨੂੰ ਸਹਿਕਾਰੀ ਸਭਾਵਾਂ ਰਾਹੀਂ ਕਿਸਾਨ ਮੈਂਬਰਾਂ ਨੂੰ ਦਿੱਤੀਆ ਜਾ ਰਹੀਆਂ ਸਹੂਲਤਾਂ ਤੋ ਜਾਣੂ ਕਰਵਾਇਆ ।ਇਸ ਮੌਕੇ ਸੰਦੀਪ ਸਿੰਘ ਨੇ ਕੋਆਪ੍ਰਟਿਵ ਬੈਂਕ ਵੱਲੋਂ ਕਿਸਾਨਾਂ ਨੂੰ ਦਿੱਤੇ ਜਾਣ ਵਾਲੀਆਂ ਸਹੂਲਤਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਿਸਾਨਾਂ ਨੂੰ ਹਮੇਸ਼ਾ ਬੈਂਕ ਵੱਲੋਂ ਲਏ ਕਰਜੇ ਦੀ ਵਰਤੋਂ ਸਹੀ ਕੰਮ ਲਈ ਕਰਨੀ ਚਾਹੀਦੀ ਹੈ ਤਾਂ ਜੋ ਕਰਜ਼ ਵਾਪਸੀ ਮੌਕੇ ਕੋਈ ਮੁਸ਼ਕਲ ਨਾ ਆਵੇ। ਪ੍ਰੋਗਰਾਮ ਦੇ ਅਖੀਰ ਵਿੱਚ ਸਹਿਕਾਰੀ ਸਭਾ ਮੁੱਛਲ ਦੇ ਪ੍ਰਧਾਨ ਵੱਲੋਂ ਸਾਰੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ।ਇਸ ਮੌਕੇ ਇੰਸਪੈਕਟਰ ਅਭਿਨੰਦਨ ਸ਼ਰਮਾ, ਇੰਸਪੈਕਟਰ ਪੁਨੀਤ ਸਿੰਘ, ਇੰਸਪੈਕਟਰ ਮੈਡਮ ਗੁਰਜੀਤ ਕੌਰ, ਸੁਪਰਡੈਂਟ ਪਵਨ ਕੁਮਾਰ, ਵੱਖ ਵੱਖ ਸਭਾਵਾਂ ਤੋਂ ਸਕੱਤਰ ਸਾਹਿਬਾਨ ਸਰਬਜੀਤ ਸਿੰਘ ਵਡਾਲਾ ਕਲਾਂ, ਨਵਤੇਜ ਸਿੰਘ ਕਲੇਰ ਘੁਮਾਣ, ਅਮਨਬੀਰ ਸਿੰਘ ਸੁਧਾਰ ਰਾਜਪੂਤਾ ਤਜਿੰਦਰ ਸਿੰਘ, ਅਮਨਦੀਪ ਸਿੰਘ ਖੱਬੇ ਰਾਜਪੂਤਾ, ਪ੍ਰਧਾਨ ਗੁਰਦਿਆਲ ਸਿੰਘ, ਗੁਰਪ੍ਰਤਾਪ ਸਿੰਘ ਸਠਿਆਲਾ, ਤਜਿੰਦਰ ਸਿੰਘ, ਜੁਗਰਾਜ ਸਿੰਘ, ਇਫਕੋ ਦੇ ਸੇਲ ਸੈਂਟਰ ਤੋਂ ਸੁਖਬੀਰ ਸਿੰਘ ,ਸੁਖਰਾਜ ਸਿੰਘ ਅਤੇ ਸਭਾ ਦੀ ਪ੍ਰਬੰਧਕ ਕਮੇਟੀ ਦੇ ਸਾਰੇ ਮੈਂਬਰ ਸਾਹਿਬਾਨ ਮੌਜੂਦ ਸਨ।

# ਸਿਆਸੀ ਸਿੱਖ ਬੰਦੀ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਬਿਆਨ ਤੇ ਪਹਿਰਾ ਦੇਂਦਿਆ ਏਕਤਾ ਵਲ ਵੱਧ ਕੇ ਪੰਥ ਨੂੰ ਕੀਤਾ ਜਾਏ ਮਜਬੂਤ: ਪੀਤਮਪੁਰਾ



ਨਵੀਂ ਦਿੱਲੀ 20 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਆਪਣੇ ਭਰਾ ਕੁਲਵੰਤ ਸਿੰਘ ਰਾਜੋਆਣਾ ਦੀ ਅੰਤਿਮ ਅਰਦਾਸ ਵਿਚ ਸ਼ਾਮਲ ਹੋਣ ਆਏ ਸਿਆਸੀ ਸਿੱਖ ਬੰਦੀ ਭਾਈ ਬਲਵੰਤ ਸਿੰਘ ਰਾਜੋਆਣਾ ਨੇ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਵਿਚ ਆਪਸੀ ਝਗੜਿਆਂ ਕਾਰਣ ਸਿੱਖ ਸੰਸਥਾਵਾਂ ਕਮਜ਼ੋਰ ਹੋਈਆਂ ਹਨ। ਉਨ੍ਹਾਂ ਕਿਹਾ ਕਿ ਤਤਕਾਲੀ ਅਤੇ ਮੌਜੂਦਾ ਸਰਕਾਰਾਂ ਨੇ ਸਿੱਖਾਂ ਵਲ ਮਿੱਥ ਕੇ ਨਿਸ਼ਾਨੇ ਸਾਧੇ ਹਨ ਜਿਸ ਨਾਲ ਪੰਥ ਨੂੰ ਵੱਡਾ ਘਾਟਾ ਪਿਆ ਹੈ ਪਰ ਅਸੀ ਉਨ੍ਹਾਂ ਦਾ ਸਾਹਮਣਾ ਕਰਣ ਵਿਚ ਆਪਸੀ ਏਕਤਾ ਨਾ ਹੋਣ ਕਰਕੇ ਅਸਮਰਥ ਰਹੇ ਹਾਂ । ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਯੂਥ ਵਿੰਗ ਦੇ ਸਕੱਤਰ ਜਨਰਲ ਸਰਦਾਰ ਜਸਮੀਤ ਸਿੰਘ ਪੀਤਮਪੁਰਾ ਨੇ ਮੀਡੀਆ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਅਸੀ ਭਾਈ ਰਾਜੋਆਣਾ ਜੀ ਦੀ ਗੱਲਾਂ ਨਾਲ ਸਹਿਮਤੀ ਪ੍ਰਗਟ ਕਰਦੇ ਹਾਂ ਅਤੇ ਸਮੂਹ ਕੌਮ ਨੂੰ ਇਕ ਨਿਸ਼ਾਨ ਸਾਹਿਬ ਅਤੇ ਪੰਥਕ ਜੱਥੇਬੰਦੀ ਸ਼੍ਰੋਮਣੀ ਅਕਾਲੀ ਦਲ ਦੇ ਬੈਨਰ ਹੇਠ ਇਕੱਠੇ ਹੋਕੇ ਸਿੱਖ ਕੌਮ ਦੇ ਅਤਿ ਗੰਭੀਰ ਮਸਲੇ ਬੰਦੀ ਸਿੰਘਾਂ ਦੀ ਰਿਹਾਈ, ਗੁਰਦੁਆਰਾ ਸਾਹਿਬਾਨ ਜੋ ਸਰਕਾਰ ਅਧੀਨ ਹੋ ਗਏ ਹਨ, ਮੁੜ ਪ੍ਰਾਪਤੀ, ਗੁਰਦੁਆਰਾ ਕਮੇਟੀਆਂ ਤੇ ਕਾਬਿਜ ਭਾਜਪਾ ਪੱਖੀ ਸਿੱਖਾਂ ਕੋਲੋਂ ਵਾਪਿਸ ਪੰਥਕ ਦਰਦ ਰੱਖਣ ਵਾਲਿਆਂ ਨੂੰ ਦਿਵਾਏ ਜਾਣੇ ਚਾਹੀਦੇ ਹਨ । ਜ਼ੇਕਰ ਅਸੀ ਸਮਾਂ ਰਹਿੰਦੇ ਸਰਕਾਰਾਂ ਦੀਆਂ ਚਾਲਾਂ ਤੋਂ ਸੁਚੇਤ ਨਹੀਂ ਹੁੰਦੇ ਤਾਂ ਇੰਨ੍ਹਾ ਪੰਥਕ ਮੁਖੋਟਾਧਾਰੀ ਜੋ ਕੁਰਸੀਆਂ ਦੀ ਭੁੱਖ ਖਾਤਿਰ ਸਰਕਾਰੀ ਚਾਲਾਂ ਵਿਚ ਖੇਡ ਰਹੇ ਹਨ, ਕਰਕੇ ਪੰਥ ਦਾ ਵੱਡਾ ਨੁਕਸਾਨ ਹੋ ਸਕਦਾ ਹੈ।

# ਸੰਤ ਬਾਬਾ ਸੱਜਣ ਸਿੰਘ ਨੇ ਬਾਠ ਜਿਮ ਦਾ ਕੀਤਾ ਉਦਘਾਟਨ



**ਚੌਕ ਮਹਿਤਾ 20 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੰਮ੍ਰਿਤਸਰ ਤੋਂ ਮਹਿਤਾ ਰੋਡ ਤੇ ਸਥਿਤ ਮੋੜ ਗਹਿਰੀ ਮੰਡੀ ਅੱਡਾ ਖੁਜਾਲਾ ਵਿਖੇ ਨੌਜਵਾਨਾਂ ਚ ਵੱਧ ਰਹੇ ਨਸ਼ੇ ਦੇ ਰੁਝਾਨ ਨੂੰ ਰੋਕਣ ਤੇ ਔਜਕੇ ਯੁੱਗ ਦੀ ਮਾਰ ਵਿੱਚ ਥੱਕੇ ਜਾਂ ਰਹੇ ਨੌਜਵਾਨਾਂ ਨੂੰ ਬਚਾਉਣ ਲਈ 'ਬਾਠ ਫਿਟਨਿਸ ਜਿਮ' ਖੋਲਿਆ ਗਿਆ। ਜਿਸ ਜਿਮ ਦਾ ਉਦਘਾਟਨ ਮੁੱਖ ਮਹਿਮਾਨ ਵੱਜੋਂ ਪਹੁੰਚੇ "ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਤੇ ਪਿੰਡ ਭੀਲੋਵਾਲ ਦੇ ਨਿੱਧੜਕ ਆਗੂ ਸਿਵਰਾਜ ਸਿੰਘ ਬਾਠ" ਵਲੋਂ ਆਪਣੇ ਕਮਲਾ ਨਾਲ ਰੀਬਨ ਕੱਟ ਕੇ ਕੀਤਾ। ਇਸ ਕਾਰਜ ਦੀ ਸਲਾਘਾ ਕਰਦਿਆਂ ਸੰਤ ਬਾਬਾ ਸੱਜਣ ਸਿੰਘ ਨੇ ਕਿਹਾ ਕਿ ਇਸ ਇਲਾਕੇ ਵਿੱਚ ਜਿਮ ਦੀ ਬਹੁਤ ਘਾਟ ਸੀ, ਇਹ ਬਹੁਤ ਵਧੀਆ ਉਪਰਾਲਾ ਹੈ ।ਜਿਸ ਕਰਕੇ ਨੌਜਵਾਨਾਂ ਦਾ ਨਸ਼ਿਆਂ ਵਲੋਂ ਰੁਝਾਨ ਘਟੇਗਾ ਤੇ ਜਿਮ ਜੁਆਇਨ ਕਰਕੇ ਖੇਡਾਂ ਵੱਲ ਪ੍ਰੇਰਿਤ ਹੋਣਗੇ ਤੇ ਨਸ਼ਿਆਂ ਵਲੋਂ ਬਚ ਸਕਣਗੇ ।ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਨੇ ਰਵਿੰਦਰ ਸਿੰਘ ਬਾਠ ਜਿਮ ਮਾਲਕ ਨੂੰ ਵਧਾਈ ਦਿੱਤੀ। ਇਸ ਮੌਕੇ ਪਲਵਿੰਦਰ ਸਿੰਘ ਸਾਬਕਾ ਸਰਪੰਚ ਖੁਜਾਲਾ,ਹਰਪਿੰਦਰ ਸਿੰਘ, ਰਵਿੰਦਰ ਸਿੰਘ ਭੀਲੋਵਾਲ ਮੈਂਬਰ, ਕੁਲਵੰਤ ਸਿੰਘ ਖਾਲਸਾ,ਡਾ ਬਲਕਾਰ ਸਿੰਘ,ਗੁਰਤੇਜ ਸਿੰਘ ,ਡਾ ਸਰਬਜੀਤ ਸਿੰਘ,ਬਿਕਰਮਜੀਤ ਸਿੰਘ ਬਾਠ,ਧਰਮਪਾਲ, ਜਰਮਨਜੀਤ ਸਿੰਘ,ਜੀਤ ਬਾਠ, ਗੁਰਜੀਤ ਸਿੰਘ ਬਾਠ ,ਗਰਸੇਵਕ ਸਿੰਘ ਸਮੇਤ ਵੱਡੀ ਗਿਣਤੀ 'ਚ ਨੌਜਵਾਨ ਹਾਜਰ ਸਨ।

# ਗੁਰੂ ਨਾਨਕ ਦੇਵ ਜੀ ਦਾ ਸਵਰੂਪ ਦੁਨਿਆਵੀ ਵਿਅਕਤੀ ਨੂੰ ਬਣਾਉਣ ਦੀ ਘਟਨਾ ਦੀ ਨਿੰਦਾ ਕਰਦਿਆਂ ਕਰਮਸਰ ਨੇ ਰਾਗੀ ਤੇ ਪ੍ਰਚਾਰਕਾਂ ਨੂੰ ਦਿੱਤੀ ਨਸੀਹਤ



**ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਪਿਛਲੇ ਦਿਨਾਂ ਵਿੱਚ ਕਿਸੇ ਵਿਅਕਤੀ ਨੂੰ ਗੁਰੂ ਨਾਨਕ ਦੇਵ ਜੀ ਦਾ ਸੁਰੂਪ ਬਣਾਉਣ ਦੀ ਘਟਨਾ ਵਾਪਰੀ ਸੀ, ਜਿਸ ਤੋਂ ਬਾਅਦ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਦੇ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਸਿੱਖ ਪੰਥ ਦੇ ਪ੍ਰਚਾਰਕਾਂ ਅਤੇ ਰਾਗੀ ਜਥਿਆਂ ਨੂੰ ਵੀ ਨਸੀਹਤ ਦਿਤੀ। ਉਨ੍ਹਾਂ ਨੇ ਕਿਹਾ ਕਿ ਕਿਤੇ ਨਾ ਕਿਤੇ ਸਾਡੇ ਪ੍ਰਚਾਰ ਵਿੱਚ ਘਾਟਾ ਹੈ ਜਿਸ ਕਰਕੇ ਅਸੀਂ ਅੱਜ ਤੱਕ ਲੋਕਾਂ ਨੂੰ ਗੁਰੂ ਸਾਹਿਬਾਂ ਦੇ ਆਦਰਸ਼ਾਂ ਅਤੇ ਸਿੱਖ ਰਹਤ ਮਰਿਆਦਾ ਬਾਰੇ ਜ਼ਿਆਦਾ ਜਾਣਕਾਰੀ ਦੇਣ ਵਿੱਚ ਅਸਫਲ ਰਹੇ ਹਾਂ।

ਸ੍. ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਇਹ ਘਟਨਾ ਵੀ ਸ਼ਾਇਦ ਇਸੇ ਲਈ ਹੋਈ ਹੈ ਕਿਉਂਕਿ ਉਥੇ ਸਿੰਧੀ ਭਾਈਚਾਰਾ ਵੱਧ ਗਿਣਤੀ ਵਿੱਚ ਵੱਸਦਾ ਹੈ, ਜੋ ਗੁਰੂ ਨਾਨਕ ਦੇਵ ਜੀ ਨੂੰ ਆਪਣਾ ਇਸ਼ਟ ਤਾਂ ਮੰਨਦੇ ਹਨ ਪਰ ਗੁਰੂ ਸਾਹਿਬ ਦੇ ਆਦਰਸ਼ਾਂ ਅਤੇ ਸਿੱਖ ਮਰਿਆਦਾ ਤੋਂ ਅੰਜਾਨ ਹਨ। ਅੱਜ 555 ਸਾਲ ਬਾਅਦ ਵੀ ਅਸੀਂ ਉਨ੍ਹਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਅਤੇ ਸਿੱਖ ਮਰਿਆਦਾ ਸਹੀ ਢੰਗ ਨਾਲ ਨਹੀਂ ਦੱਸ ਸਕੇ, ਕਿਉਂਕਿ ਜੇ ਉਨ੍ਹਾਂ ਨੂੰ ਮਰਿਆਦਾ ਦਾ ਸਹੀ ਗਿਆਨ ਹੋ ਜਾਵੇ, ਤਾਂ ਸ਼ਾਇਦ ਕੋਈ ਵਿਅਕਤੀ ਹੋਵੇ ਜੋ ਉਸਦਾ ਪਾਲਣ ਨਾ ਕਰੇ।

ਸ੍. ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਸਾਡੇ ਪ੍ਰਚਾਰਕਾਂ ਅਤੇ ਰਾਗੀ ਜਥਿਆਂ ਨੂੰ ਚਾਹੀਦਾ ਹੈ ਕਿ ਜਿੱਥੇ ਵੀ ਜਾਵੇਂ, ਖਾਸ ਕਰਕੇ ਜਦੋਂ ਗੈਰ-ਸਿੱਖਾਂ ਦੇ ਕਾਰਜਕ੍ਰਮਾਂ ਵਿੱਚ ਜਾਵੇਂ ਤਾਂ ਸਿੱਖ ਰਹਤ ਮਰਿਆਦਾ ਅਤੇ ਸਿੱਖ ਇਤਿਹਾਸ ਬਾਰੇ ਜ਼ਿਆਦਾ ਤੋਂ ਜ਼ਿਆਦਾ ਜਾਣਕਾਰੀ ਦਿੱਤੀ ਜਾਵੇ ਅਤੇ ਢੰਗ ਨਾਲ ਸਮਝਾਈ ਜਾਵੇ।

ਸ. ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਹਾਲਾਂਕਿ ਮੰਬਈ ਦੇ ਸਿੱਖਾਂ ਨੇ ਇਸ ਘਟਨਾ ਵਿੱਚ ਦੋਸ਼ੀ ਲੋਕਾਂ ਦੇ ਖਿਲਾਫ ਕਾਰਵਾਈ ਲਈ ਪੁਲਿਸ ਵਿੱਚ ਸ਼ਿਕਾਇਤ ਕੀਤੀ ਹੈ, ਪਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਅਲੱਗ ਤੋਂ ਇਸ ਦੀ ਸ਼ਿਕਾਇਤ ਦਰਜ ਕਰਵਾ ਰਹੀ ਹੈ ਤਾਂ ਜੋ ਦੋਸ਼ੀਆਂ ਦੀ ਪਹਿਚਾਣ ਕੀਤੀ ਜਾ ਸਕੇ ਅਤੇ ਉਨ੍ਹਾਂ ਦੇ ਖਿਲਾਫ ਕਾਰਵਾਈ ਕੀਤੀ ਜਾ ਸਕੇ।